ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 6 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੭, ੨੩ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਨੈਂਸੀ ਗਰੇਵਾਲ ਦਾ ਕੈਨੇਡਾ ’ਚ ਕਤਲ



**ਜਲੰਧਰ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿੱਚ ਜਨਮੀ ਸੋਸ਼ਲ ਮੀਡੀਆ ਪ੍ਰਭਾਵਕ ਨੈਨਸੀ ਗਰੇਵਾਲ ਦਾ ਕੈਨੇਡਾ ਦੇ ਵਿੰਡਸਰ ਵਿੱਚ ਕਤਲ ਕਰ ਦਿੱਤਾ ਗਿਆ ਹੈ। ਨੈਨਸੀ ਸੋਸ਼ਲ ਮੀਡੀਆ ’ਤੇ ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਢਿੱਲੋਂ ਅਤੇ ਗਰਮਖਿਆਲੀਆਂ ਦੇ ਖਿਲਾਫ ਕਈ ਵਾਰ ਬਿਆਨ ਦੇ ਚੁੱਕੀ ਹੈ ਜਿਸ ਕਾਰਨ ਉਹ ਆਪਣੇ ਬਿਆਨਾਂ ਕਾਰਨ ਕਾਫੀ ਚਰਚਾ ’ਚ ਰਹੀ ਹੈ। ਮਿਲੀ ਜਾਣਕਾਰੀ ਮੁਤਾਬਿਕ ਇੱਕ ਅਣਪਛਾਤਾ ਹਮਲਾਵਰ ਉਸਦੇ ਘਰ ਵਿੱਚ ਦਾਖਲ ਹੋਇਆ ਅਤੇ ਉਸ ’ਤੇ ਚਾਕੂ ਨਾਲ ਹਮਲਾ ਕਰ ਦਿੱਤਾ। ਗੰਭੀਰ ਜ਼ਖਮੀ ਨੈਨਸੀ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਇਸ ਘਟਨਾ ਨਾਲ ਭਾਰਤੀ ਭਾਈਚਾਰੇ ਵਿੱਚ ਹਲਚਲ ਮਚ ਗਈ ਹੈ। ਕੈਨੇਡੀਅਨ ਪੁਲਿਸ ਨੇ ਕਤਲ ਦਾ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਕੈਨੇਡੀਅਨ ਮੀਡੀਆ ਰਿਪੋਰਟਾਂ ਦੇ ਅਨੁਸਾਰ, ਪੁਲਿਸ ਨੂੰ ਮੰਗਲਵਾਰ ਰਾਤ ਨੂੰ ਇੱਕ ਰਿਪੋਰਟ ਮਿਲੀ ਕਿ ਵਿੰਡਸਰ ਦੇ ਟੌਡ ਲੇਨ ਇਲਾਕੇ ਦੀ ਰਹਿਣ ਵਾਲੀ ਨੈਨਸੀ ਗਰੇਵਾਲ ਨੂੰ ਉਸਦੇ ਘਰ ਦੇ ਅੰਦਰ ਚਾਕੂ ਮਾਰਿਆ ਗਿਆ ਹੈ।

## ਈਰਾਨ ’ਚ ਮੌਤਾਂ ਦਾ ਤਾਂਡਵ ਜਾਰੀ

# ਮਰਨ ਵਾਲਿਆਂ ਦੀ ਗਿਣਤੀ 1,200 ਤੋਂ ਪਾਰ

**ਤੇਹਰਾਨ/ਵਾਸ਼ਿੰਗਟਨ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਮੱਧ ਪੂਰਬ ਵਿੱਚ ਜਾਰੀ ਜੰਗ ਹੁਣ ਮਨੁੱਖੀ ਕਤਲੇਆਮ ਵਿੱਚ ਤਬਦੀਲ ਹੁੰਦੀ ਜਾ ਰਹੀ ਹੈ। ਈਰਾਨ ਦੀ ਇੱਕ ਸਰਕਾਰੀ ਏਜੰਸੀ ਵੱਲੋਂ ਜਾਰੀ ਕੀਤੇ ਗਏ ਤਾਜ਼ਾ ਅੰਕੜਿਆਂ ਨੇ ਦੁਨੀਆ ਨੂੰ ਹਿਲਾ ਕੇ ਰੱਖ ਦਿੱਤਾ ਹੈ। ਏਜੰਸੀ ਮੁਤਾਬਕ ਜੰਗ ਵਿੱਚ ਹੁਣ ਤੱਕ ਘੱਟੋ-ਘੱਟ 1,230 ਲੋਕਾਂ ਦੀ ਜਾਨ ਜਾ ਚੁੱਕੀ ਹੈ। ਪਿਛਲੇ ਕੁਝ ਘੰਟਿਆਂ ਵਿੱਚ ਇਹ ਅੰਕੜਾ 1,045 ਤੋਂ ਵਧ ਕੇ 1,230 ਤੱਕ ਪਹੁੰਚ ਗਿਆ ਹੈ, ਜੋ ਹਮਲਿਆਂ ਦੀ ਭਿਆਨਕਤਾ ਨੂੰ ਬਿਆਨ ਕਰਦਾ ਹੈ। ਅਮਰੀਕਾ ਅਤੇ ਇਜ਼ਰਾਈਲ ਵੱਲੋਂ ਚਲਾਏ ਜਾ ਰਹੇ ’ਆਪ੍ਰੇਸ਼ਨ ਐਪਿਕ ਫਿਊਰੀ’ ਤਹਿਤ ਈਰਾਨ ਦੇ ਕਈ ਇਲਾਕਿਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। 2-2 ਬੰਬਰਾਂ ਅਤੇ ਏਆਈ (19) ਤਕਨੀਕ ਨਾਲ ਲੈਸ ਆਤਮਘਾਤੀ ਡਰੋਨਾਂ ਨੇ ਈਰਾਨੀ ਟਿਕਾਣਿਆਂ ’ਤੇ ਤਬਾਹੀ ਮਚਾਈ ਹੋਈ ਹੈ। ਇਸ ਖ਼ੂਨੀ ਸੰਘਰਸ਼ ਕਾਰਨ ਜਿੱਥੇ



ਈਰਾਨ ਵਿੱਚ ਮੌਤਾਂ ਦਾ ਸਿਲਸਿਲਾ ਰੁਕ ਨਹੀਂ ਰਿਹਾ, ਉੱਥੇ ਹੀ ਇਜ਼ਰਾਈਲ ਨੂੰ ਹਰ ਹਫ਼ਤੇ 3 ਅਰਬ ਡਾਲਰ ਦਾ ਭਾਰੀ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ। ਇਸ ਦੇ ਨਾਲ ਹੀ ਅਮਰੀਕਾ ਨੇ ਆਪਣੀ ’ਡੂਮਜ਼ਡੇ’ ਮਿਜ਼ਾਈਲ ਦਾ ਸਫਲ ਪਰੀਖਣ ਕਰਕੇ ਈਰਾਨੀ ਲੀਡਰਸ਼ਿਪ ਨੂੰ ਸਿੱਧੀ ਚੇਤਾਵਨੀ ਦਿੱਤੀ ਹੈ। ਈਰਾਨੀ ਸੁਪਰੀਮ ਲੀਡਰ ਖ਼ਮੇਨੀ ਦੀ ਮੌਤ ਤੋਂ ਬਾਅਦ ਪੂਰੇ ਖੇਤਰ ਵਿੱਚ ਅਰਾਜਕਤਾ ਦਾ ਮਾਹੌਲ ਹੈ। ਚੀਨ ਨੇ ਵੀ ਆਪਣੀ ਸੁਰੱਖਿਆ ਨੂੰ ਦੇਖਦੇ ਹੋਏ ਰੱਖਿਆ ਬਜਟ ਵਿੱਚ 10 ਫੀਸਦੀ ਦਾ ਵਾਧਾ ਕਰਕੇ ਉਸ ਨੂੰ 275 ਅਰਬ ਡਾਲਰ ਕਰ ਦਿੱਤਾ ਹੈ। ਦੂਜੇ ਪਾਸੇ, ਈਰਾਨ ਵੱਲੋਂ ਪਾਕਿਸਤਾਨ ਦੇ ਸਹਿਯੋਗੀ ਦੇਸ਼ਾਂ ’ਤੇ ਕੀਤੇ ਗਏ ਡਰੋਨ ਹਮਲਿਆਂ ਨੇ ਇਸ ਜੰਗ ਵਿੱਚ ਨਵੇਂ ਦੇਸ਼ਾਂ ਦੇ ਸ਼ਾਮਲ ਹੋਣ ਦਾ ਖਤਰਾ ਵਧਾ ਦਿੱਤਾ ਹੈ। ਫਿਲਹਾਲ, ਬ੍ਰਿਟੇਨ, ਫਰਾਂਸ ਅਤੇ ਜਰਮਨੀ ਨੇ ਅਮਰੀਕਾ ਦੇ ਨਾਲ ਮਿਲ ਕੇ ਈਰਾਨੀ ਫੌਜੀ ਸਮਰੱਥਾ ਨੂੰ ਖ਼ਤਮ ਕਰਨ ਦਾ ਐਲਾਨ ਕੀਤਾ ਹੈ, ਜਿਸ ਕਾਰਨ ਆਉਣ ਵਾਲੇ ਦਿਨਾਂ ਵਿੱਚ ਮੌਤਾਂ ਦਾ ਇਹ ਅੰਕੜਾ ਹੋਰ ਵੀ ਵਧਣ ਦੀ ਸੰਭਾਵਨਾ ਹੈ।

## ਰਣਜੀਤ ਸਿੰਘ ਐਨਕਾਊਂਟਰ ਮਾਮਲੇ ਵਿਚ ਹਾਈਕੋਰਟ ਦਾ ਵੱਡਾ ਫ਼ੈਸਲਾ

**ਗੁਰਦਾਸਪੁਰ/ਚੰਡੀਗੜ੍ਹ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਗੁਰਦਾਸਪੁਰ ਦੇ ਆਦੀਆਂ ਪੁਲਸ ਚੌਕੀ ਵਿਚ ਦੋ ਪੁਲਸ ਮੁਲਾਜ਼ਮਾਂ ਦੇ ਕਤਲ ਦੇ ਦੋਸ਼ ਵਿਚ ਰਣਜੀਤ ਸਿੰਘ ਦੇ ਪੁਲਸ ਮੁਕਾਬਲੇ (ਐਨਕਾਊਂਟਰ) ਦਾ ਸਵੈ-ਮੋਟੋ ਨੋਟਿਸ ਲਿਆ ਹੈ। ਅਦਾਲਤ ਨੇ ਇਸ ਮਾਮਲੇ ਵਿਚ ਪੰਜਾਬ ਦੇ ਡੀਜੀਪੀ ਨੂੰ ਅੱਜ ਦੁਪਹਿਰ 2 ਵਜੇ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਹੋ ਕੇ ਜਵਾਬ ਦੇਣ ਲਈ ਤਲਬ ਕੀਤਾ ਹੈ। ਇਸ ਮੁਕਾਬਲੇ ਨੂੰ ਲੈ ਕੇ ਮ੍ਰਿਤਕ ਰਣਜੀਤ ਸਿੰਘ ਦਾ ਪਰਿਵਾਰ ਲਗਾਤਾਰ ਸਵਾਲ ਉਠਾ ਰਿਹਾ ਹੈ ਅਤੇ ਉਨ੍ਹਾਂ ਨੇ ਅਜੇ ਤੱਕ ਨੌਜਵਾਨ ਦਾ ਸਸਕਾਰ ਵੀ ਨਹੀਂ ਕੀਤਾ। ਪਰਿਵਾਰ ਨੇ ਦੋਸ਼ ਲਾਇਆ ਹੈ ਕਿ ਇਹ ਇਕ ਫਰਜ਼ੀ ਮੁਕਾਬਲਾ ਸੀ। ਅਦਾਲਤ ਨੇ ਡੀਜੀਪੀ ਗੌਰਵ ਯਾਦਵ ਨੂੰ ਇਸ ਮਾਮਲੇ ਵਿਚ ਆਪਣਾ ਜਵਾਬ ਤਿਆਰ ਰੱਖਣ ਦੇ ਨਿਰਦੇਸ਼ ਦਿੱਤੇ ਹਨ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਮੋਹਾਲੀ ਵਿਚ ਹੋਏ ਕਬੱਡੀ ਪ੍ਰਮੋਟਰ ਰਾਣਾ ਬਲਾਚੌਰੀਆ ਕਤਲ ਕਾਂਡ ਦਾ ਵੀ ਅਦਾਲਤ ਨੇ ਨੋਟਿਸ ਲਿਆ ਸੀ। ਦੱਸਣਯੋਗ ਹੈ ਕਿ ਬੀਤੀ 22 ਫਰਵਰੀ ਨੂੰ ਭਾਰਤ-ਪਾਕਿਸਤਾਨ ਸਰਹੱਦ ਨੇੜੇ ਆਦੀਆਂ ਪੁਲਸ ਚੌਕੀ ’ਤੇ ਤਾਇਨਾਤ ਏਐੱਸਆਈ ਗੁਰਨਾਮ ਸਿੰਘ ਅਤੇ ਹੋਮਗਾਰਡ ਕਾਂਸਟੇਬਲ ਅਸ਼ੋਕ ਕੁਮਾਰ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਪੁਲਸ ਮੁਤਾਬਕ ਇਹ ਹਮਲਾ ਪਾਕਿਸਤਾਨੀ ਖੁਫੀਆ ਏਜੰਸੀ ਆਈ.ਐਸ.ਆਈ. ਦੇ ਇਸ਼ਾਰੇ ’ਤੇ ਕਰਵਾਇਆ ਗਿਆ ਸੀ, ਜਿਸ ਲਈ ਤਿੰਨ ਨੌਜਵਾਨਾਂ ਨੂੰ 20 ਹਜ਼ਾਰ ਰੁਪਏ ਦਾ ਲਾਲਚ ਦਿੱਤਾ ਗਿਆ ਸੀ। ਪੁਲਸ ਦਾ ਆਖਣਾ ਹੈ ਕਿ ਇਸ ਮਾਮਲੇ ਰਣਜੀਤ ਸਿੰਘ ਮੁੱਖ ਮੁਲਜ਼ਮ ਸੀ ਜੋ ਕਿ 25 ਫਰਵਰੀ ਨੂੰ ਪੁਰਾਣਾਸ਼ਾਲਾ ਇਲਾਕੇ ਵਿਚ ਇਕ ਮੁਕਾਬਲੇ ਦੌਰਾਨ ਮਾਰਿਆ ਗਿਆ। ਪੁਲਸ ਦਾ ਦਾਅਵਾ ਹੈ ਕਿ ਰਣਜੀਤ ਨੇ ਹਿਰਾਸਤ ਵਿਚੋਂ ਭੱਜਣ ਦੀ ਕੋਸ਼ਿਸ਼ ਕੀਤੀ ਅਤੇ ਫਾਇਰਿੰਗ ਕੀਤੀ, ਜਿਸ ਦੇ ਜਵਾਬ ਵਿਚ ਪੁਲਸ ਨੇ ਜਵਾਬੀ ਗੋਲੀਬਾਰੀ ਕੀਤੀ। ਇਸ ਕੇਸ ਵਿਚ ਪੁਲਸ ਨੇ ਦੋ ਹੋਰ ਮੁਲਜ਼ਮਾਂ, ਦਿਲਾਵਰ ਸਿੰਘ ਅਤੇ ਇੰਦਰਜੀਤ ਸਿੰਘ ਨੂੰ ਵੀ ਗ੍ਰਿਫਤਾਰ ਕੀਤਾ ਹੈ।

# ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਏ ਗਏ 3 ਰੋਜ਼ਾ ਕੌਮੀ ਤਿਉਹਾਰ ਹੋਲਾ-ਮਹੱਲਾ ਦੀ ਹੋਈ ਸਮਾਪਤੀ

**ਸ੍ਰੀ ਅਨੰਦਪੁਰ ਸਾਹਿਬ, 5 ਮਾਰਚ (ਆਵਾਜ਼ਿ ਕੌਮ ਬਿਊਰੋ)**-ਖਾਲਸਾ ਪੰਥ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਏ ਗਏ ਤਿੰਨ ਰੋਜ਼ਾ ਸਾਲਾਨਾ ਕੌਮੀ ਤਿਉਹਾਰ ਹੋਲਾ-ਮਹੱਲਾ ਦੇ ਆਖ਼ਰੀ ਦਿਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਪੰਜ ਪਿਆਰੇ ਸਾਹਿਬਾਨ ਜੀ ਦੀ ਯੋਗ ਅਗਵਾਈ ਹੇਠ ਕੱਢੇ ਮਹੱਲੇ ਉਪਰੰਤ ਹੋਲਾ ਮਹੱਲਾ ਦਾ ਤਿਉਹਾਰ ਸ਼ਾਂਤੀ ਪੂਰਵਕ ਢੰਗ ਨਾਲ ਸੰਪੰਨ ਹੋਇਆ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਵੇਰੇ ਸਭ ਤੋਂ ਪਹਿਲਾਂ ਬੀਤੇ ਦਿਨਾਂ ਤੋਂ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਸਜੇ ਧਾਰਮਿਕ ਸਮਾਗਮ ਹੈ ਦੌਰਾਨ ਸਿੱਖ ਕੌਮ ਦੇ ਪੰਥ ਪ੍ਰਸਿੱਧ ਰਾਗੀ ਜਥਿਆਂ, ਢਾਡੀ ਜੱਥਿਆਂ, ਕਵੀਸ਼ਰੀ ਜਥਿਆਂ ਅਤੇ ਕਥਾਵਾਚਕਾਂ ਵੱਲੋਂ ਗੁਰਬਾਣੀ ਕੀਰਤਨ ਅਤੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਇਸ ਖ਼ਾਲਸਈ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਹੋਲਾ-ਮਹੱਲਾ ਕੌਮ ਦੀ ਵਿਲੱਖਣਤਾ, ਨਿਆਰੀ ਆਭਾ ਅਤੇ ਚੜ੍ਹਦੀ ਕਲਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਗੁਰੂ ਸਿੱਖਿਆ ਅਨੁਸਾਰ ਸਿੱਖ ਨੇ ਇਕ ਦੂਜੇ ਨੂੰ ਗੁਰਬਾਣੀ ਦਾ ਰੰਗ ਲਾਉਣਾ ਹੈ ਨਾ ਕਿ ਆਪਣੀ ਰਵਾਇਤ ਦੇ ਉਲਟ ਕਾਰਜ ਕਰਨੇ ਹਨ। ਇਕ ਦੂਜੇ ਉੱਤੇ ਰੰਗ ਸੁੱਟਣੇ, ਮੂੰਹ ਸਿਰ ਨੂੰ ਰੰਗਣਾ ਸਿੱਖਾਂ ਦੀ ਰਵਾਇਤ ਬਿਲਕੁਲ ਵੀ ਨਹੀਂ। ਗੁਰੂ ਪਾਤਸ਼ਾਹ ਨੇ ਸਿੱਖਾਂ ਨੂੰ ਵਿਲੱਖਣਾ ਬਖ਼ਸ਼ੀ ਹੈ, ਜਿਸ ਦੇ ਸਦਕਾ ਕੌਮ ਨੇ ਗੁਲਾਮੀ ਦੀਆਂ ਜ਼ੰਜੀਰਾਂ ਨੂੰ ਤੋੜਦਿਆਂ ਦਰਾ ਖ਼ੈਬਰ ਤੱਕ ਨੂੰ ਬੰਦ ਕੀਤਾ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖਾਂ ਨੇ ਇਸ ਮੁਲਕ ਨੂੰ ਬਚਾਇਆ ਹੈ। ਉਨ੍ਹਾਂ ਕਿਹਾ ਕਿ ਜੇ ਕੋਈ ਹਿੰਦੁਸਤਾਨ ਦੀ ਤਾਕਤ ਸਿੱਖਾਂ ਨੂੰ ਕਮਜ਼ੋਰ ਕਰਨ ਲਈ ਵਿਉਂਤ ਬਣਾਏਗਾ ਅਤੇ ਸਾਜ਼ਿਸ਼ਾਂ ਰਚੇਗਾ ਅਤੇ ਜੇਕਰ ਸਿੱਖ ਕਮਜ਼ੋਰ ਹੋਣਗੇ ਤਾਂ ਇਹ ਮੁਲਕ ਵੀ ਕਮਜ਼ੋਰ ਹੋਵੇਗਾ। ਲੰਮੇ ਸਮੇਂ ਤੋਂ ਨਜ਼ਰਬੰਦ ਸਿੰਘਾਂ ਦੀ ਗੱਲ ਕਰਦਿਆਂ ਜਥੇਦਾਰ ਗੜਗੱਜ ਨੇ ਕਿਹਾ ਕਿ ਇਨ੍ਹਾਂ ਸਿੰਘਾਂ ਨੂੰ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ ਆਪਣੀ ਬਿਰਧ ਮਾਤਾ ਨੂੰ ਮਿਲਣਾ ਚਾਹੁੰਦੇ ਹਨ ਪਰ ਉਨ੍ਹਾਂ ਨੂੰ ਮਿਲਣ ਨਹੀਂ ਦਿੱਤਾ ਜਾ ਰਿਹਾ ਜਦਕਿ ਵੱਡੇ-ਵੱਡੇ ਅਪਰਾਧ ਕਰਨ ਵਾਲੇ ਅਖੌਤੀ ਸਾਧਾਂ ਨੂੰ ਕੁਝ ਸਮੇਂ ਬਾਅਦ ਹੀ ਛੁੱਟੀਆਂ ਦਿੱਤੀਆਂ ਜਾਂਦੀਆਂ ਹਨ। ਸਰਕਾਰਾਂ ਜ਼ਿੰਦਾ ਸ਼ਹੀਦ ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਪਰਮਜੀਤ ਸਿੰਘ ਭਿਓਰਾ, ਪ੍ਰੋ ਦੇਵਿੰਦਰਪਾਲ ਸਿੰਘ ਭੁੱਲਰ ਨੂੰ ਰਿਹਾਅ ਕਰਨ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਰਕਾਰਾਂ ਲੋਕਾਂ ਦੇ ਲਈ ਹੁੰਦੀਆਂ ਹਨ, ਦੇਸ਼ ਅੰਦਰ ਕਾਨੂੰਨ ਦਾ ਰਾਜ ਹੈ ਅਤੇ ਇੱਥੇ ਇਨਸਾਫ਼ ਕਰਨ ਲਈ ਅਦਾਲਤਾਂ ਸਥਾਪਤ ਹਨ। ਪਿਛਲੇ ਤਿੰਨ ਮਹੀਨਿਆਂ ਵਿਚ ਪੰਜਾਬ ਅੰਦਰ 34 ਨੌਜਵਾਨਾਂ ਨੂੰ ਪੰਜਾਬ ਪੁਲਸ ਨੇ ਮੁਕਾਬਲਾ ਬਣਾ ਕੇ ਮਾਰਿਆ ਹੈ। ਉਨ੍ਹਾਂ ਕਿਹਾ ਕਿ ਕਤਲੋਗਾਰਤ ਕਿਸੇ ਵੀ ਪਾਸਿਓਂ ਨਹੀਂ ਹੋਣੀ ਚਾਹੀਦੀ, ਜੇਕਰ ਕੋਈ ਪੁਲਸ ਵਾਲਾ ਮਾਰਿਆ ਗਿਆ ਹੈ, ਉਹ ਵੀ ਸਾਡਾ ਹੈ, ਇਹ ਨਹੀਂ ਹੋਣਾ ਚਾਹੀਦਾ। ਕਤਲੋਗਾਰਤ ਪੰਜਾਬ ਦੇ ਪੱਖ ਵਿੱਚ ਨਹੀਂ। ਉਨ੍ਹਾਂ ਕਿਹਾ ਜਿਹੜੇ ਸਾਡੇ ਕੁਝ ਨੌਜਵਾਨ ਭਟਕ ਗਏ ਹਨ ਉਨ੍ਹਾਂ ਨੂੰ ਬੇਨਤੀ ਹੈ ਕਿ ਪੰਜਾਬ ਸਰਬੱਤ ਦਾ ਭਲਾ ਮੰਗਣ ਵਾਲਾ ਖਿੱਤਾ ਹੈ, ਨਾਜਾਇਜ਼ ਕਿਸੇ ਨੂੰ ਵੀ ਨਾ ਮਾਰਿਆ ਜਾਵੇ। ਉਨ੍ਹਾਂ ਸਮੁੱਚੀ ਕੌਮ ਨੂੰ ਅਪੀਲ ਕੀਤੀ ਕਿ ਇਹ ਗੱਲ ਲਈ ਆਵਾਜ਼ ਬੁਲੰਦ ਕੀਤੀ ਜਾਵੇ ਕਿ ਸਾਨੂੰ ਸੂਬੇ ਅੰਦਰ ਪੁਲਸ ਰਾਜ ਨਹੀਂ ਚਾਹੀਦਾ। ਇਥੇ ਲੋਕਤੰਤਰ ਹੈ, ਇਸ ਲਈ ਕਾਨੂੰਨ ਦਾ ਰਾਜ ਹੋਣਾ ਚਾਹੀਦਾ ਹੈ ਨਾ ਕਿ



ਡੰਡੇ ਦਾ। ਉਨ੍ਹਾਂ ਕਿਹਾ ਕਿ ਸਿੱਖ ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪੁੱਤਰ ਅਤੇ ਧੀਆਂ ਹਨ, ਵਿਲੱਖਣ ਅਤੇ ਨਿਆਰੀ ਪਛਾਣ ਵਾਲੇ ਹਨ। ਉਨ੍ਹਾਂ ਕਿਹਾ ਕਿ ਖ਼ਾਲਸਾ ਪੰਥ ਇਸ ਦੇਸ਼ ਅੰਦਰ ਬਹੁ-ਗਿਣਤੀ ਦਾ ਹਿੱਸਾ ਨਹੀਂ ਹੈ ਅਤੇ ਇਹ ਵਿਲੱਖਣ ਕੌਮ ਹੈ ਅਤੇ ਹਮੇਸ਼ਾ ਰਹੇਗੀ। ਉਨ੍ਹਾਂ ਕਿਹਾ ਕਿ ਸਿੱਖਾਂ ਦਾ ਆਪਣੀ ਪਛਾਣ ਦੇ ਮਸਲੇ ਉੱਤੇ ਕਿਸੇ ਨਾਲ ਕੋਈ ਸਮਝੌਤਾ ਨਹੀਂ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼ਹੀਦ ਭਾਈ ਤਾਰਾ ਸਿੰਘ ਦਾ 300 ਸਾਲਾ ਸ਼ਹੀਦੀ ਦਿਹਾੜਾ ਇਸੇ ਮਹੀਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਵੱਡੇ ਪੱਧਰ ਉੱਤੇ ਮਨਾਇਆ ਜਾ ਰਿਹਾ ਹੈ। ਇਸ ਸ਼ਤਾਬਦੀ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਰਾਹੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ ਛਾਇਆ ਹੇਠ 8 ਮਾਰਚ ਤੋਂ 12 ਮਾਰਚ ਤੱਕ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਵਿਚ ‘ਗੁਰਸਿਖਾ ਇਕੋ ਪਿਆਰ ਗੁਰਮਿਤਾ ਪੁਤਾ ਭਾਈਆ’ ਖ਼ਾਲਸਈ ਮਾਰਚ ਸਜਾਇਆ ਜਾਵੇਗਾ। ਇਹ ਮਾਰਚ ਤਰਨਤਾਰਨ ਦੇ ਵੱਖ-ਵੱਖ ਪਿੰਡਾਂ ਦੇ ਵਿਚੋਂ ਹੁੰਦਾ ਹੋਇਆ ਗੁਰਦੁਆਰਾ ਭਾਈ ਤਾਰਾ ਸਿੰਘ ਜੀ ਸ਼ਹੀਦ ਪਿੰਡ ਵਾਂ ਵਿਖੇ ਸੰਪੂਰਨ ਹੋਵੇਗਾ। ਇਹ ਲਹਿਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ ਛਾਇਆ ਹੇਠ ਹੋਵੇਗੀ, ਜਿਸ ਤਹਿਤ ਪੰਜਾਬ ਅੰਦਰ ਸਥਿਤ ਤਿੰਨੋਂ ਤਖ਼ਤ ਸਾਹਿਬਾਨ ਤੋਂ ਹਰ ਪਿੰਡ ਹਰ ਸ਼ਹਿਰ ਤੱਕ ਪਹੁੰਚ ਕਰਨ ਲਈ ਇਹ ਉਪਰਾਲੇ ਕੀਤੇ ਜਾਣਗੇ। ਉਪਰੰਤ ਪੰਜ ਪਿਆਰੇ ਸਾਹਿਬਾਨ ਜੀ ਦੀ ਅਗਵਾਈ ਹੇਠ ਅਰਦਾਸ ਕਰਨ ਉਪਰੰਤ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਤੋਂ ਹਰ ਸਾਲ ਦੀ ਤਰ੍ਹਾਂ ਮਹੱਲਾ ਸਜਾਇਆ ਗਿਆ। ਜੋ ਗੁ.ਕਿਲਾ ਅਨੰਦਗੜ੍ਹ ਸਾਹਿਬ, ਗੁ.ਸ਼ਹੀਦੀ ਬਾਗ ਨਵੀਂ ਆਬਾਦੀ, ਚੰਡੀਗੜ੍ਹ-ਨੰਗਲ ਮੁੱਖ ਸੜਕ ਤੋਂ ਹੁੰਦਾ ਹੋਇਆ ਗੁਰਦੁਆਰਾ ਮਾਤਾ ਜੀਤ ਕੌਰ ਅਗੰਮਪਰ ਵਿਖੇ ਪਹੁੰਚਿਆ, ਜਿੱਥੇ ਮੱਥਾ ਟੇਕਣ ਉਪਰੰਤ ਵਾਪਸੀ ਤੇ ਗੁ.ਕਿਲਾ ਫਤਿਹਗੜ੍ਹ ਸਾਹਿਬ, ਗੁ. ਸੀਸ ਗੰਜ ਸਾਹਿਬ ਗੁ.ਭੋਰਾ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਵਾਪਸ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਪਹੁੰਚ ਕੇ ਸੰਪੰਨ ਹੋਇਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੀ ਐਗਜੈਕਟਿਵ ਕਮੇਟੀ ਦੇ ਮੈਂਬਰ ਜਥੇਦਾਰ ਦਲਜੀਤ ਸਿੰਘ ਭਿੰਡਰ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਬੁਲਾਰਾ ਭਾਈ ਅਮਰਜੀਤ ਸਿੰਘ ਚਾਵਲਾ, ਤਖਤ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਮੈਨੇਜਰ ਮਲਕੀਤ ਸਿੰਘ, ਅਡੀਸ਼ਨਲ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਸੰਦੀਪ ਸਿੰਘ ਕਲੋਤਾ, ਦਵਿੰਦਰ ਸਿੰਘ ਢਿੱਲੋ, ਸੁਰਜੀਤ ਸਿੰਘ ਚੈਹੜਮਜ਼ਾਰਾ, ਜਥੇਦਾਰ ਰਾਮ ਸਿੰਘ ਸਮੇਤ ਬਹੁਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ੴ ਸਤਿਗੁਰ ਪ੍ਰਸਾਦਿ॥

ਖਾਲਸਾ ਪੰਥ ਦੇ ਜਨਮ ਅਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ
ਸ੍ਰੀ ਅਨੰਦਪੁਰ ਸਾਹਿਬ ਜੀ ਦੇ ਦਰਸ਼ਨਾਂ ਨੂੰ ਜਾਣ ਵਾਲੀਆਂ ਸੰਗਤਾਂ ਵਾਸਤੇ

# ਗੁਰੂ ਕਾ ਲੰਗਰ

ਹੋਲੇ ਮਹੱਲੇ ਦੇ ਸਬੰਧ ਵਿੱਚ 28 ਫਰਵਰੀ ਤੋਂ 6 ਮਾਰਚ 2026 ਤੱਕ

ਚਾਹ ਪਕੌੜੇ, ਗੰਨੇ ਦਾ ਰਸ,
ਪ੍ਰਸ਼ਾਦੇ ਅਤੇ ਜਲੇਬੀਆਂ ਦਾ ਲੰਗਰ

ਲੰਗਰ ਏਕ ਨੂਰ ਸਵੈ ਸੇਵੀ ਸੰਸਥਾ ਰਜਿ: ਪਠਲਾਵਾ,
ਪਿੰਡ ਡਘਾਮ, ਚੌਹੜਾ, ਕੋਟ ਪੱਲੀਆਂ ਅਤੇ ਸਮੂਹ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਚੱਲ ਰਹੇ ਹਨ ਜੀ।

ਜਥੇਦਾਰ ਸਵਰਨਜੀਤ ਸਿੰਘ
ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਦੋਆਬਾ
ਮੁੱਖ ਸੇਵਾਦਾਰ ਗੁ: ਸ਼ਹੀਦਾਂ ਸਿੰਘਾਂ, ਬੰਗਾ ਤੋਂ ਗੜ੍ਹਸ਼ੰਕਰ ਰੋਡ



ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਲਾਲ ਗਲਿਆਰਾ ਬੀਤੇ ਦੀ ਕਹਾਣੀ ਬਣਨ ਦੀ ਕਗਾਰ 'ਤੇ : ਪ੍ਰੋ. ਸਰਚਾਂਦ ਸਿੰਘ ਖਿਆਲਾ

ਦੇਸ਼ ਵਿੱਚ ਮਾਓਵਾਦੀ ਅੱਤਵਾਦ ਵਿਰੁੱਧ ਲੰਮੇ ਸਮੇਂ ਤੋਂ ਚੱਲ ਰਹੀ ਲੜਾਈ ਹੁਣ ਇੱਕ ਫੈਸਲਾਕੁੰਨ ਮੋੜ 'ਤੇ ਪਹੁੰਚ ਚੁੱਕੀ ਹੈ। ਕਈ ਦਹਾਕਿਆਂ ਤੱਕ ਜਿਸ "ਲਾਲ ਗਲਿਆਰੇ" ਨੂੰ ਭਾਰਤ ਦੀ ਅੰਦਰੂਨੀ ਸੁਰੱਖਿਆ ਲਈ ਸਭ ਤੋਂ ਵੱਡੀ ਚੁਣੌਤੀ ਮੰਨਿਆ ਜਾਂਦਾ ਰਿਹਾ, ਉਹ ਹੁਣ ਆਪਣੀ ਆਖਰੀ ਸਾਹ ਲੈਂਦਾ ਦਿਸ ਰਿਹਾ ਹੈ। ਮੈਨੂੰ ਇਹ ਕਹਿਣ 'ਚ ਕੋਈ ਸੰਕੋਚ ਨਹੀਂ ਕਿ ਆਉਣ ਵਾਲੇ ਦਿਨਾਂ ਵਿੱਚ ਇਹ ਲਾਲ ਕੋਰੀਡੋਰ ਬੀਤੇ ਦੀ ਬਣ ਕੇ ਰਹਿ ਜਾਵੇਗਾ।

ਇਸ ਵਿਸ਼ਵਾਸ ਦਾ ਆਧਾਰ ਹਾਲੀਆ ਘਟਨਾਕ੍ਰਮ ਹਨ। ਕੁਝ ਦਿਨ ਪਹਿਲਾਂ ਚੋਟੀ ਦੇ ਮਾਓਵਾਦੀ ਨੇਤਾ ਅਤੇ ਪਾਬੰਦੀਸ਼ੁਦਾ ਭਾਰਤੀ ਕਮਿਊਨਿਸਟ ਪਾਰਟੀ (ਮਾਓਵਾਦੀ) ਦੇ ਸੀਨੀਅਰ ਮੈਂਬਰ, 62 ਸਾਲਾ ਥਿਪਿਰੀ ਤਿਰੁਪਤੀ ਉਰਫ਼ ਦੇਵੂਜੀ ਨੇ ਆਪਣੇ ਤਿੰਨ ਉੱਚ ਪੱਧਰੀ

ਆਵਾਜ਼ਿ ਕੌਮ
AWAZE QAUM
International Newspaper & WEB TV

ਸਾਥੀਆਂ ਸਮੇਤ ਤੇਲੰਗਾਣਾ ਪੁਲਿਸ ਅੱਗੇ ਆਤਮ ਸਮਰਪਣ ਕੀਤਾ। ਇਹ ਕੇਵਲ ਇੱਕ ਵਿਅਕਤੀ ਦਾ ਹਥਿਆਰ ਛੱਡਣਾ ਨਹੀਂ, ਸਗੋਂ ਇੱਕ ਪੂਰੀ ਵਿਚਾਰਧਾਰਕ ਧਾਰਾ ਦੇ ਕਮਜ਼ੋਰ ਪੈਂਦੇ ਹੋਏ ਕਿਲ੍ਹੇ ਦੀ ਨਿਸ਼ਾਨੀ ਹੈ। ਦੇਵੂਜੀ ਦਾ ਇਹ ਕਦਮ ਮਾਓਵਾਦੀ ਕੱਟੜਪੰਥੀ ਧਿਰਾਂ ਲਈ ਹੀ ਨਹੀਂ, ਸਗੋਂ ਹਿੰਸਕ ਖੱਬੇਪਖੀ ਰਾਜਨੀਤੀ ਦੇ ਸਮਰਥਕਾਂ ਲਈ ਵੀ ਵੱਡਾ ਝਟਕਾ ਹੈ।

ਦੇਵੂਜੀ ਦੁਆਰਾ ਭਵਿੱਖ ਵਿੱਚ ਸੰਵਿਧਾਨ ਅਤੇ ਕਾਨੂੰਨੀ ਢਾਂਚੇ ਅੰਦਰ ਰਹਿ ਕੇ ਕੰਮ ਕਰਨ ਦਾ ਇਰਾਦਾ ਜਤਾਉਣਾ ਚੋਟੀ ਦੇ ਆਗੂਆਂ ਵਿੱਚ ਆ ਰਹੀ ਅੰਦਰੂਨੀ ਮਨੋਵਿਗਿਆਨਕ ਪਰਿਵਰਤਨ ਦਾ ਪ੍ਰਮਾਣ ਹੈ। ਮਾਓਵਾਦ, ਜੋ ਲੰਮੇ ਸਮੇਂ ਤੱਕ ਸੰਵਿਧਾਨ ਅਤੇ ਲੋਕਤੰਤਰ ਨੂੰ "ਬੁਰਜ਼ੂਆ ਢਾਂਚਾ" ਕਹਿ ਕੇ ਰੱਦ ਕਰਦਾ ਰਿਹਾ ਅਤੇ ਮਸਲਿਆਂ ਦਾ ਸਮਾਧਾਨ ਬੰਦੂਕ ਦੀ ਗੋਲੀ ਰਾਹੀਂ ਲੱਭਣ ਦੀ ਕੋਸ਼ਿਸ਼ ਕਰਦਾ ਸੀ, ਅੱਜ ਆਪਣੇ ਹੀ ਸਿਧਾਂਤਾਂ ਤੋਂ ਵਾਪਸੀ ਕਰਦਾ ਦਿਖਾਈ ਦੇ ਰਿਹਾ ਹੈ। ਹਕੀਕਤ ਇਹ ਹੈ ਕਿ ਬੰਦੂਕ ਦੀ ਨਲੀ ਰਾਹੀਂ ਇਨਕਲਾਬ ਦਾ ਸੁਪਨਾ ਕਦੇ ਵੀ ਕਬਾਇਲੀ ਸਮਾਜ ਦੀ ਅਸਲੀ ਲੋੜ ਨਹੀਂ ਸੀ ਨਾ ਹੀ ਇਹ ਕਬਾਇਲੀ ਵਿਦਰੋਹ ਦਾ ਸਵੈ-ਇੱਛਤ ਮਾਡਲ ਸੀ।

ਮਾਓਵਾਦੀ ਸੰਗਠਨਾਂ ਨੇ ਹਮੇਸ਼ਾਂ ਦਾਅਵਾ ਕੀਤਾ ਕਿ ਉਹ ਜੰਗਲਾਤੀ ਅਤੇ ਆਦਿਵਾਸੀ ਖੇਤਰਾਂ ਦੇ ਹੱਕਾਂ ਲਈ ਲੜ ਰਹੇ ਹਨ। ਪਰ ਜਮੀਨੀ ਹਕੀਕਤ ਇਹ ਰਹੀ ਕਿ ਉਨ੍ਹਾਂ ਦੀ ਹਿੰਸਕ ਰਣਨੀਤੀ ਨੇ ਇਨ੍ਹਾਂ ਖੇਤਰਾਂ ਨੂੰ ਵਿਕਾਸ ਤੋਂ ਵੰਚਿਤ ਕੀਤਾ। ਅਨੇਕਾਂ ਸਕੂਲ ਸਾੜੇ ਗਏ, ਸੜਕਾਂ ਅਤੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਇਆ ਅਤੇ ਦੋ ਪੀੜੀਆਂ ਨੂੰ ਅਨਪੜ ਰੱਖਣ ਲਈ ਮਜਬੂਰ ਕੀਤਾ। "ਲਾਲ ਕੋਰੀਡੋਰ" ਦਾ ਨਾਅਰਾ ਦਰਅਸਲ ਇੱਕ ਮਨੋਵਿਗਿਆਨਕ ਘੇਰਾ ਸੀ, ਜਿਸ ਨੇ ਡਰ, ਅਸਥਿਰਤਾ ਅਤੇ ਹਿੰਸਾ ਨੂੰ ਆਦਿਵਾਸੀ ਇਲਾਕਿਆਂ ਦੀ ਕਿਸਮਤ ਬਣਾਇਆ। ਇਸ ਵਿਚਾਰਧਾਰਾ ਨੇ ਨਾ ਤਾਂ ਆਰਥਿਕ ਖ਼ੁਸ਼ਹਾਲੀ ਦਿੱਤੀ ਅਤੇ ਨਾ ਹੀ ਸਮਾਜਿਕ ਨਿਆਂ, ਸਿਰਫ਼ ਤਬਾਹੀ ਦਿੱਤੀ।

ਦੇਵੂਜੀ, ਸੀਪੀਆਈ (ਮਾਓਵਾਦੀ) ਦੇ ਜਨਰਲ ਸਕੱਤਰ, ਸੈਂਟਰਲ ਮਿਲਟਰੀ ਕਮਿਸ਼ਨ (3$3) ਦੇ ਪ੍ਰਮੁੱਖ ਅਤੇ ਪੀਪਲਜ਼ ਲਿਬਰੇਸ਼ਨ ਗੁਰੀਲਾ ਆਰਮੀ ਦੇ ਮੁੱਖ ਰਣਨੀਤੀਕਾਰ ਰਹੇ ਹਨ। ਪੁਲਿਸ ਦੇ ਦਾਅਵਿਆਂ ਅਨੁਸਾਰ ਕਈ ਵੱਡੇ ਹਮਲਿਆਂ ਦੇ ਮਾਸਟਰਮਾਈਂਡ ਅਤੇ ਢਾਈ ਸੌ ਤੋਂ ਵੱਧ ਸੁਰੱਖਿਆ ਕਰਮਚਾਰੀਆਂ ਅਤੇ ਨਾਗਰਿਕਾਂ ਦੀ ਹੱਤਿਆ ਪਿੱਛੇ ਉਸਦਾ ਹੱਥ ਸੀ। ਉਸਦਾ ਇਹ ਕਦਮ ਬਗਾਵਤੀ ਅੰਦੋਲਨ ਲਈ ਦਹਾਕਿਆਂ ਵਿੱਚ ਆਇਆ ਸਭ ਤੋਂ ਵੱਡਾ ਝਟਕਾ ਮੰਨਿਆ ਜਾ ਰਿਹਾ ਹੈ।



22 ਫਰਵਰੀ 2026 ਨੂੰ ਦੇਵੂਜੀ ਦੇ ਨਾਲ ਆਤਮ ਸਮਰਪਣ ਕਰਨ ਵਾਲਿਆਂ ਵਿੱਚ ਕੇਂਦਰੀ ਕਮੇਟੀ ਮੈਂਬਰ ਮੱਲਾ ਰਾਜ਼ੀ ਰੈੱਡੀ ਉਰਫ਼ ਸੰਗਰਾਮ, ਤੇਲੰਗਾਣਾ ਸੂਬਾ ਕਮੇਟੀ ਦੇ ਸਕੱਤਰ ਬਡੇ ਚੋਕਾ ਰਾਓ ਉਰਫ਼ ਦਾਮੋਦਰ ਅਤੇ ਸੂਬਾ ਕਮੇਟੀ ਮੈਂਬਰ ਨੂਨੇ ਨਰਸਿੰਮ੍ਹਾ ਰੈੱਡੀ ਉਰਫ਼ ਗੰਗਨਾ ਵਰਗੇ ਅਹਿਮ ਚਿਹਰੇ ਸ਼ਾਮਲ ਸਨ। ਇਹ ਸਭ ਦਹਾਕਿਆਂ ਤੱਕ ਰੂਪੋਸ਼ ਰਹੇ ਅਤੇ ਲੱਖਾਂ ਰੁਪਏ ਦੇ ਇਨਾਮੀ ਸਨ। ਇਨ੍ਹਾਂ ਦੇ ਸਰੰਡਰ ਨੇ ਮਾਓਵਾਦੀ ਸੰਗਠਨ ਦੇ ਅੰਦਰੂਨੀ ਢਾਂਚੇ ਨੂੰ ਹਿਲਾ ਕੇ ਰੱਖ ਦਿੱਤਾ ਹੈ।

ਪਿਛਲੇ ਡੇਢ ਸਾਲ ਵਿੱਚ ਛੱਤੀਸਗੜ੍ਹ ਵਿੱਚ 450 ਤੋਂ ਵੱਧ ਮਾਓਵਾਦੀਆਂ ਦੇ ਮਾਰੇ ਜਾਣ, ਸੈਂਕੜਿਆਂ ਦੀ ਗ੍ਰਿਫ਼ਤਾਰੀ ਅਤੇ ਕਈਆਂ ਦੇ ਆਤਮ ਸਮਰਪਣ ਦੇ ਦਾਅਵੇ ਕੀਤੇ ਗਏ। ਮਈ 2025 ਵਿੱਚ ਛੱਤੀਸਗੜ੍ਹ ਦੇ ਨਾਰਾਇਣਪੁਰ ਵਿੱਚ ਸੁਰੱਖਿਆ ਬਲਾਂ ਨਾਲ ਮੁਕਾਬਲੇ ਦੌਰਾਨ ਸੀਪੀਆਈ (ਮਾਓਵਾਦੀ) ਦੇ ਜਨਰਲ ਸਕੱਤਰ , ਫੌਜੀ ਯੋਜਨਾਬੰਦੀ ਅਤੇ ਪੀਪਲਜ਼ ਲਿਬਰੇਸ਼ਨ ਗੁਰੀਲਾ ਆਰਮੀ ਦੀਆਂ ਕਾਰਵਾਈਆਂ ਵਿੱਚ ਕੇਂਦਰੀ ਭੂਮਿਕਾ ਨਿਭਾਉਣ ਵਾਲੇ ਨੰਬਾਲਾ ਕੇਸ਼ਵ ਰਾਓ ਉਰਫ਼ ਬਸਵਰਾਜੂ ਨੂੰ ਮਾਰ ਗਿਰਾਏ ਜਾਣ ਨਾਲ "ਨਕਸਲਵਾਦ ਦੇ ਖ਼ਾਤਮੇ ਵੱਲ ਇਤਿਹਾਸਕ ਕਦਮ" ਦੀ ਚਰਚਾ ਛਿੜੀ। ਉਸ 'ਤੇ ਡੇਢ ਕਰੋੜ ਦਾ ਇਨਾਮ ਸੀ ਅਤੇ ਉਹ ਗੁਰੀਲਾ ਰਣਨੀਤੀਆਂ ਨੂੰ ਆਧੁਨਿਕ ਰੂਪ ਦੇਣ ਵਿੱਚ ਕੇਂਦਰੀ ਚਿਹਰਾ ਮੰਨਿਆ ਜਾਂਦਾ ਸੀ।

ਦੇਵੂਜੀ ਨੇ ਬਸਵਰਾਜੂ ਤੋਂ ਬਾਅਦ ਨੇਤ੍ਰਿਤਵ ਸੰਭਾਲਿਆ ਸੀ। ਦੇਵੂਜੀ ਵਰਗੇ ਉੱਚ ਦਰਜੇ ਦੇ ਨੇਤਾ ਦਾ ਆਤਮ ਸਮਰਪਣ ਅਸਧਾਰਣ ਹੈ ਅਤੇ ਇਹ ਦਰਸਾਉਂਦਾ ਹੈ ਕਿ ਸੀਨੀਅਰ ਨੇਤ੍ਰਿਤਵ ਬਸਤਰ, ਅਬੂਝਮਾੜ੍ਹ ਅਤੇ ਸਰਹੱਦੀ ਜੰਗਲਾਤੀ ਖੇਤਰਾਂ ਵਿੱਚ ਚੱਲ ਰਹੀਆਂ ਸਾਂਝੀਆਂ ਕਾਰਵਾਈਆਂ ਨੇ ਮਾਓਵਾਦੀ ਕੈਡਰ ਦੀ ਭਰਤੀ, ਸਪਲਾਈ ਅਤੇ ਹਥਿਆਰ ਸੰਭਾਲਣ ਦੀ ਸਮਰੱਥਾ 'ਤੇ ਗਹਿਰਾ ਅਸਰ ਪਾਇਆ ਹੈ। ਕਰੇਗੁੱਟਾ ਪਹਾੜੀਆਂ ਵਿੱਚ ਚੱਲੀ ਮੁਹਿੰਮ ਤੋਂ ਬਾਅਦ ਦੇਵੂਜੀ ਦਾ ਸਰੰਡਰ ਇਸ ਗੱਲ ਦਾ ਸਬੂਤ ਹੈ ਕਿ ਗੁਰੀਲਾ ਜੰਗ ਦੀ ਜਗ੍ਹਾ ਹੁਣ ਸਿਮਟ ਰਹੀ ਹੈ।

ਚੋਟੀ ਦੇ ਮਾਓਵਾਦੀ ਆਗੂਆਂ ਉੱਤੇ ਜੋ ਕਾਠੀ ਪਈ ਹੈ, ਇਹ ਕੋਈ ਸਹਿਜ ਵਰਤਾਰਾ ਨਹੀਂ। ਇਸ ਦੇ ਪਿੱਛੇ ਸਰਕਾਰ ਦੀ ਸਖਤ ਮਿਹਨਤ ਅਤੇ ਰਣਨੀਤੀ ਕੰਮ ਕਰ ਰਹੀ ਹੈ। ਸਰਕਾਰ ਜਾਣਦੀ ਹੈ ਕਿ ਜੇ ਕੋਈ ਕਾਨੂੰਨ ਅਤੇ ਵਿਵਸਥਾ ਨੂੰ ਹੱਥ ਵਿੱਚ ਲੈਂਦਾ ਹੈ ਤਾਂ ਸੰਵਿਧਾਨ ਅਤੇ ਆਮ ਲੋਕਾਂ ਦੀ ਰੱਖਿਆ ਕਰਨਾ ਰਾਜ ਦੀ ਜ਼ਿੰਮੇਵਾਰੀ ਹੈ। ਭਾਰਤ ਸਰਕਾਰ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰਣਨੀਤੀ ਦਾ ਕੇਂਦਰੀ ਮੰਤਵ ਖ਼ੂਨ-ਖਰਾਬਾ ਨਹੀਂ, ਸਗੋਂ ਰਾਸ਼ਟਰੀ ਸੁਰੱਖਿਆ ਅਤੇ ਸੰਵਿਧਾਨਕ ਪ੍ਰਬੰਧ ਦੀ ਪੂਰੀ ਬਹਾਲੀ ਸੀ। ਅਕਤੂਬਰ 2025 ਵਿੱਚ ਗ੍ਰਹਿ ਮੰਤਰੀ ਵੱਲੋਂ 31 ਮਾਰਚ 2026 ਤੱਕ ਮਾਓਵਾਦ ਦੇ ਮੁਕੰਮਲ ਖ਼ਾਤਮੇ ਦਾ ਲਿਆ ਗਿਆ ਸੰਕਲਪ ਸਿਰਫ਼ ਇੱਕ ਰਾਜਨੀਤਿਕ ਐਲਾਨ ਨਹੀਂ ਸੀ, ਬਲਕਿ ਇਹ ਰਾਜ ਦੀ ਦ੍ਰਿੜ ਇੱਛਾ-ਸ਼ਕਤੀ ਦਾ ਸਪਸ਼ਟ ਪ੍ਰਗਟਾਵਾ ਸੀ। ਇਸ ਦੇ ਨਾਲ ਹੀ ਉਨ੍ਹਾਂ ਨੇ ਆਤਮ ਸਮਰਪਣ ਦੀ ਨੀਤੀ ਨੂੰ ਕੇਂਦਰ ਵਿੱਚ ਰੱਖਦਿਆਂ ਇੱਕ ਸੰਤੁਲਿਤ ਦੋਹਰੀ ਰਣਨੀਤੀ ਅਪਣਾਈ—ਇੱਕ ਪਾਸੇ ਸਖ਼ਤ ਸੁਰੱਖਿਆ ਕਾਰਵਾਈ ਅਤੇ ਦੂਜੇ ਪਾਸੇ ਆਤਮ ਸਮਰਪਣ ਅਤੇ ਸਨਮਾਨਜਨਕ ਮੁੜ ਵਸੇਬੇ ਦਾ ਰਾਹ।

ਇਹ ਉਨ੍ਹਾਂ ਦੀ ਰਾਜਸੀ ਦ੍ਰਿੜਤਾ ਦਾ ਪ੍ਰਮਾਣ ਸੀ ਕਿ ਮਾਓਵਾਦੀਆਂ ਨਾਲ ਗੱਲਬਾਤ ਜਾਂ ਸੀਜ਼ਫ਼ਾਇਰ ਦੀ ਸੰਭਾਵਨਾ ਨੂੰ ਸਪਸ਼ਟ ਤੌਰ 'ਤੇ ਰੱਦ ਕਰ ਦਿੱਤਾ ਗਿਆ। ਸੰਦੇਸ਼ ਬਿਲਕੁਲ ਸਾਫ਼ ਸੀ—ਜੇ ਹਥਿਆਰ ਛੱਡੋਗੇ ਤਾਂ ਸੁਰੱਖਿਆ, ਸਨਮਾਨ ਅਤੇ ਪੁਨਰਵਾਸ ਮਿਲੇਗਾ; ਜੇ ਗੋਲੀ ਚਲਾਓਗੇ ਤਾਂ ਕਾਨੂੰਨ ਆਪਣਾ ਜਵਾਬ ਦੇਵੇਗਾ। ਇਸ ਅਲਟੀਮੇਟਮ ਨੇ ਮਾਓਵਾਦੀ ਸੰਗਠਨਾਂ ਦੇ ਅੰਦਰ ਗਹਿਰੀ ਅੰਦਰੂਨੀ ਉਥਲ-ਪੁਥਲ ਪੈਦਾ ਕੀਤੀ। ਹਥਿਆਰਬੰਦ ਸੰਘਰਸ਼ ਦੀ ਵਕਾਲਤ ਕਰਨ ਵਾਲੇ ਧੜਿਆਂ ਦੇ ਅੰਦਰ ਵੀ ਵਿਚਾਰਧਾਰਕ ਦਰਾਰਾਂ ਸਾਹਮਣੇ ਆਈਆਂ। ਕੁਝ ਸੀਨੀਅਰ ਆਗੂਆਂ ਜਿਨਾਂ ਵਿੱਚ ਸੀਨੀਅਰ ਪੋਲਟ ਬਿਊਰੋ ਮੈਂਬਰ ਮਲੋਜੁਲਾ ਵੇਣੂ ਗੋਪਾਲ ਰਾਓ ਉਰਫ ਸੋਨੂ ਵਰਗਿਆਂ ਵੱਲੋਂ ਅਕਤੂਬਰ ਵਿੱਚ ਸ਼ਾਂਤੀ ਦੀ ਵਕਾਲਤ ਕਰਦਿਆਂ ਆਤਮ ਸਮਰਪਣ ਦਾ ਰਾਹ ਚੁਣਨਾ ਇਸ ਗੱਲ ਦਾ ਸੰਕੇਤ ਸੀ ਕਿ ਜ਼ਮੀਨੀ ਹਕੀਕਤ ਬਦਲ ਰਹੀ ਸੀ।

ਨਕਸਲਵਾਦ ਅਤੇ ਮਾਓਵਾਦ ਦੇ ਵਿਨਾਸ਼ਕਾਰੀ ਢਾਂਚੇ ਨੂੰ ਜੜ੍ਹੋਂ ਉਖਾੜਨ ਲਈ ਕੇਂਦਰ ਸਰਕਾਰ ਨੇ ਨਕਸਲਵਾਦ ਵਿਰੋਧੀ ਰਾਸ਼ਟਰੀ ਨੀਤੀ ਤਹਿਤ ਵਿਸਥਾਰਪੂਰਵਕ ਰੋਡਮੈਪ ਤਿਆਰ ਕੀਤਾ। ਇਹ ਸਿਰਫ਼ ਸੁਰੱਖਿਆ ਕਾਰਵਾਈ ਤੱਕ ਸੀਮਿਤ ਨਹੀਂ ਸੀ; ਇਸ ਵਿੱਚ ਆਰਥਿਕ, ਸਮਾਜਿਕ ਅਤੇ ਮਨੋਵਿਗਿਆਨਕ ਪੱਖਾਂ ਨੂੰ ਵੀ ਸ਼ਾਮਲ ਕੀਤਾ ਗਿਆ। ਪੁਨਰਵਾਸ ਨੀਤੀ ਨੂੰ ਆਕਰਸ਼ਕ ਅਤੇ ਵਿਵਹਾਰਕ ਬਣਾਇਆ ਗਿਆ ਤਾਂ ਜੋ ਹਥਿਆਰ ਛੱਡਣ ਵਾਲਿਆਂ ਨੂੰ ਮੁੱਖਧਾਰਾ ਵਿੱਚ ਸਨਮਾਨ ਨਾਲ ਜੀਵਨ ਬਤੀਤ ਕਰਨ ਦਾ ਮੌਕਾ ਮਿਲ ਸਕੇ।

ਝਾਰਖੰਡ, ਛੱਤੀਸਗੜ੍ਹ, ਤੇਲੰਗਾਣਾ, ਉੜੀਸਾ ਅਤੇ ਬਿਹਾਰ ਵਰਗੇ ਪ੍ਰਭਾਵਿਤ ਰਾਜਾਂ ਨੂੰ ਕੇਂਦਰ ਵੱਲੋਂ ਪੂਰਾ ਸਹਿਯੋਗ ਅਤੇ ਲਚਕਤਾ ਦਿੱਤੀ ਗਈ। ਸੁਰੱਖਿਆ ਨੀਤੀ ਨੂੰ ਵਿਕਾਸ ਦੇ ਐਜੰਡੇ ਨਾਲ ਜੋੜਿਆ ਗਿਆ। ਮਜ਼ਬੂਤ ਕਾਰਵਾਈ ਰਾਹੀਂ ਮਾਓਵਾਦੀ ਨੈਟਵਰਕ ਨੂੰ ਤੋੜਿਆ ਗਿਆ, ਉਨ੍ਹਾਂ ਦੀ ਫੰਡਿੰਗ ਚੈਨਲਾਂ 'ਤੇ ਵਾਰ ਕੀਤਾ ਗਿਆ ਅਤੇ ਸੰਚਾਰ ਤੰਤਰ ਨੂੰ ਕਮਜ਼ੋਰ ਕੀਤਾ ਗਿਆ। ਇਸਦੇ ਨਾਲ-ਨਾਲ ਆਤਮ ਸਮਰਪਣ ਨੀਤੀ ਨੇ ਹਥਿਆਰਬੰਦ ਬਗਾਵਤ ਦੀ ਰੀੜ੍ਹ ਦੀ ਹੱਡੀ ਨੂੰ ਹੌਲੀ-ਹੌਲੀ ਢੀਲਾ ਕਰ ਦਿੱਤਾ।

ਲੋਕਾਂ ਦਾ ਵਿਸ਼ਵਾਸ ਜਿੱਤਣਾ ਇਸ ਲੜਾਈ ਦਾ ਸਭ ਤੋਂ ਮਹੱਤਵਪੂਰਨ ਪੱਖ ਸੀ। ਪ੍ਰਭਾਵਿਤ ਖੇਤਰਾਂ ਵਿੱਚ ਸਥਾਨਕ ਸਭਿਆਚਾਰ ਅਤੇ ਆਦਿਵਾਸੀ ਮਾਨਤਾਵਾਂ ਨੂੰ ਸੰਭਾਲਦੇ ਹੋਏ ਵਿਕਾਸ ਦਾ ਮਾਡਲ ਅਪਣਾਇਆ ਗਿਆ। ਨਕਸਲਵਾਦ ਵਿਰੋਧੀ ਰਾਸ਼ਟਰੀ ਨੀਤੀ ਅਧੀਨ ਸੁਰੱਖਿਆ ਦੇ ਨਾਲ ਵਿਕਾਸ ਨੂੰ ਜੋੜਿਆ ਗਿਆ। ਪਿਛਲੇ ਦਹਾਕੇ ਵਿੱਚ ਛੱਤੀਸਗੜ੍ਹ ਸਮੇਤ ਕਈ ਖੇਤਰਾਂ ਵਿੱਚ ਵੱਡੇ ਪੱਧਰ 'ਤੇ ਨਿਵੇਸ਼ ਕਰਕੇ ਬੁਨਿਆਦੀ ਢਾਂਚੇ ਦਾ ਵਿਸਥਾਰ ਕੀਤਾ ਗਿਆ। ਘਰਾਂ ਦੀ ਨਿਰਮਾਣ ਯੋਜਨਾ, ਸੜਕਾਂ ਦਾ ਜਾਲ, ਬਿਜਲੀ, ਪਾਣੀ, ਰਸੋਈ ਗੈਸ ਅਤੇ ਮੋਬਾਈਲ ਕਨੈਕਟਿਵਿਟੀ—ਇਹ ਸਭ ਮਿਲ ਕੇ ਉਸ ਖਾਲੀਪਣ ਨੂੰ ਭਰ ਰਹੇ ਹਨ ਜਿਸਦਾ ਫਾਇਦਾ ਮਾਓਵਾਦੀ ਲਹਿਰ ਲੈਂਦੀ ਸੀ। ਸਿੱਖਿਆ ਅਤੇ ਸਿਹਤ ਸੇਵਾਵਾਂ ਦਾ ਵਿਸਥਾਰ ਅਤੇ ਰੁਜ਼ਗਾਰ ਯੋਜਨਾਵਾਂ ਨੇ ਨਵੀਂ ਪੀੜ੍ਹੀ ਨੂੰ ਬੰਦੂਕ ਦੀ ਥਾਂ ਕਿਤਾਬ ਅਤੇ ਕੌਸ਼ਲ ਵੱਲ ਮੋੜਿਆ ਹੈ।

ਬਸਤਰ ਵਰਗੇ ਖੇਤਰ, ਜੋ ਕਦੇ ਸਿਰਫ਼ ਗੋਲੀਬਾਰੀ ਅਤੇ ਘਾਤ ਲਗਾ ਕੇ ਕੀਤੀਆਂ ਕਾਰਵਾਈਆਂ ਲਈ ਜਾਣੇ ਜਾਂਦੇ ਸਨ, ਅੱਜ ਵਿਕਾਸ ਪ੍ਰੋਜੈਕਟਾਂ ਦੀ ਚਰਚਾ ਵਿੱਚ ਆ ਰਹੇ ਹਨ। ਆਦਿਵਾਸੀਆਂ ਤੋਂ ਵਾਜਿਬ ਮੁੱਲ 'ਤੇ ਫਸਲ ਖਰੀਦ, ਸਿੰਚਾਈ ਯੋਜਨਾਵਾਂ ਦਾ ਵਿਸਥਾਰ ਅਤੇ ਸੈਰ-ਸਪਾਟਾ ਉਦਯੋਗ ਨੂੰ ਉਤਸ਼ਾਹਿਤ ਕਰਨਾ—ਇਹ ਸਭ ਉਸ ਮਨੋਵਿਗਿਆਨਕ ਜੰਗ ਦਾ ਹਿੱਸਾ ਸੀ ਜਿਸ ਵਿੱਚ ਰਾਜ ਨੇ ਲੋਕਾਂ ਨੂੰ ਇਹ ਯਕੀਨ ਦਵਾਇਆ ਕਿ ਵਿਕਾਸ ਹੀ ਸੱਚਾ ਵਿਕਲਪ ਹੈ।

ਖ਼ਾਸ ਤੌਰ 'ਤੇ ਮਾਓਵਾਦੀ ਲਹਿਰ ਵਿੱਚ ਫਸੀਆਂ ਨੌਜਵਾਨ ਕਬਾਇਲੀ ਲੜਕੀਆਂ ਦੇ ਮੁੜ ਵਸੇਬੇ ਨੂੰ ਪ੍ਰਾਥਮਿਕਤਾ ਦਿੱਤੀ ਗਈ। ਸਿੱਖਿਆ, ਸਿਹਤ ਅਤੇ ਰੁਜ਼ਗਾਰ ਮੁਖੀ ਯੋਜਨਾਵਾਂ ਰਾਹੀਂ ਉਨ੍ਹਾਂ ਨੂੰ ਇੱਕ ਨਵਾਂ ਜੀਵਨ ਦੇਣ ਦੀ ਕੋਸ਼ਿਸ਼ ਕੀਤੀ ਗਈ। ਅੱਜ ਹਾਲਾਤ ਇਹ ਹਨ ਕਿ ਕਈ ਪਰਿਵਾਰ ਆਪਣੇ ਬੱਚਿਆਂ ਨੂੰ ਹਥਿਆਰ ਛੱਡਣ ਅਤੇ ਘਰ ਵਾਪਸੀ ਲਈ ਮਨਾਉਂਦੇ ਨਜ਼ਰ ਆ ਰਹੇ ਹਨ।

ਦੂਜੇ ਪਾਸੇ, ਮਿੱਥੇ ਸਮੇਂ ਤੱਕ ਮਾਓਵਾਦ ਦਾ ਖੁਰਾ-ਖੋਜ ਮਿਟਾਉਣ ਦੇ ਸੰਕਲਪ 'ਤੇ ਅਮਲ ਕਰਦਿਆਂ ਸੁਰੱਖਿਆ ਬਲਾਂ ਨੇ ਜੰਗਲਾਂ ਅਤੇ ਪਹਾੜੀਆਂ ਵਿੱਚ ਗਹਿਰੀ ਖੋਜ ਮੁਹਿੰਮਾਂ ਚਲਾਈਆਂ। ਸਥਾਨਕ ਲੋਕਾਂ ਦਾ ਸਹਿਯੋਗ ਇਸ ਵਿੱਚ ਨਿਰਣਾਇਕ ਸਾਬਤ ਹੋਇਆ। ਇਹ ਸਿਰਫ਼ ਫੌਜੀ ਕਾਰਵਾਈ ਨਹੀਂ ਸੀ; ਇਹ ਰਾਜ ਅਤੇ ਸਮਾਜ ਦੀ ਸਾਂਝੀ ਲੜਾਈ ਸੀ।

ਕਾਂਗਰਸ ਦੇ ਰਾਜ ਦੌਰਾਨ ਸ਼ਹਿਰੀ ਨਕਸਲੀਆਂ ਦਾ ਇੱਕ ਵਾਤਾਵਰਣ ਤੰਤਰ ਮੌਜੂਦ ਸੀ ਜੋ ਮਾਓਵਾਦੀ ਹਿੰਸਾ ਨੂੰ ਵਿਚਾਰਧਾਰਕ ਜਾਮਾ ਪਹਿਨਾ ਕੇ ਉਸਦੀ ਨਿੰਦਾ ਨੂੰ ਕਮਜ਼ੋਰ ਕਰਦਾ ਰਿਹਾ। ਮਾਓਵਾਦੀ ਅੱਤਵਾਦ ਦੇ ਪੀੜਤਾਂ ਦੀਆਂ ਕਹਾਣੀਆਂ ਕਦੇ ਮੁੱਖ ਧਾਰਾ ਵਿਚਾਰ-ਵਟਾਂਦਰੇ ਦਾ ਹਿੱਸਾ ਨਹੀਂ ਬਣ ਸਕੀਆਂ। ਹਜ਼ਾਰਾਂ ਪਰਿਵਾਰ, ਜਿਨ੍ਹਾਂ ਦੇ ਮੈਂਬਰਾਂ ਨੇ ਆਪਣੀਆਂ ਲੱਤਾਂ, ਹੱਥ ਜਾਂ ਅੱਖਾਂ ਗੁਆਈਆਂ, ਅਕਸਰ ਅਦ੍ਰਿਸ਼ ਰਹੇ। ਪਿਛਲੇ ਪੰਜ ਦਹਾਕਿਆਂ ਵਿੱਚ ਮਾਓਵਾਦੀ ਅੱਤਵਾਦ ਨੇ ਹਜ਼ਾਰਾਂ ਜਾਨਾਂ ਲੈ ਲਈਆਂ—ਸੁਰੱਖਿਆ ਕਰਮਚਾਰੀ, ਪੇਂਡੂ ਲੋਕ, ਆਦਿਵਾਸੀ ਭਰਾ-ਭੈਣ—ਕਈਆਂ ਦੀ ਕੁਰਬਾਨੀ ਇਸ ਕਾਲਖ ਭਰੇ ਅਧਿਆਇ ਦੀ ਗਵਾਹ ਹੈ।

ਇੱਕ ਸਮਾਂ ਸੀ ਜਦੋਂ ਦੇਸ਼ ਦਾ ਇੱਕ-ਤਿਹਾਈ ਹਿੱਸਾ ਨਕਸਲਵਾਦ ਦੇ ਪ੍ਰਭਾਵ ਹੇਠ ਸੀ। ਸੰਵਿਧਾਨ ਕਾਗਜ਼ਾਂ 'ਤੇ ਸੀ, ਪਰ ਲਾਲ ਗਲਿਆਰੇ ਵਿੱਚ ਉਸਦੀ ਹਾਜ਼ਰੀ ਮਹਿਸੂਸ ਨਹੀਂ ਹੁੰਦੀ ਸੀ। ਚੁਣੀਆਂ ਹੋਈਆਂ ਸਰਕਾਰਾਂ ਦੀ ਜਾਇਜ਼ਤਾ ਨੂੰ ਚੁਣੌਤੀ ਮਿਲਦੀ ਸੀ। ਸ਼ਾਮ ਤੋਂ ਬਾਅਦ ਘਰੋਂ ਬਾਹਰ ਨਿਕਲਣਾ ਡਰ ਦਾ ਕਾਰਨ ਬਣ ਜਾਂਦਾ ਸੀ।

ਅੱਜ ਹਾਲਾਤ ਬਦਲ ਰਹੇ ਹਨ। ਮਾਓਵਾਦ ਦੀ ਵਿਚਾਰਧਾਰਾ ਨੂੰ ਲੋਕਾਂ ਨੇ ਨਕਾਰ ਦਿੱਤਾ ਹੈ। ਸੰਦੇਸ਼ ਸਾਫ਼ ਹੈ—ਭਾਰਤ ਵਿੱਚ ਸੱਤਾ ਬੰਦੂਕ ਦੀ ਗੋਲੀ ਨਾਲ ਨਹੀਂ, ਵੋਟ ਦੀ ਤਾਕਤ ਨਾਲ ਤੈਅ ਹੁੰਦੀ ਹੈ। ਲੋਕਤੰਤਰ ਹੀ ਉਹ ਮੰਚ ਹੈ ਜਿੱਥੇ ਅਸਲ ਬਦਲਾਅ ਸੰਭਵ ਹੈ। ਮਾਓਵਾਦ ਕਦੇ ਵੀ ਵਿਕਾਸ ਦਾ ਪ੍ਰਤੀਕ ਨਹੀਂ ਹੋ ਸਕਦਾ; ਇਹ ਹਿੰਸਾ ਅਤੇ ਤਾਨਾਸ਼ਾਹੀ ਦੀ ਸੋਚ ਦਾ ਪ੍ਰਤੀਕ ਹੈ।

ਅੱਜ ਲਾਲ ਗਲਿਆਰੇ ਦੀ ਕਹਾਣੀ ਆਪਣੇ ਆਖਰੀ ਅਧਿਆਇ ਵੱਲ ਵਧ ਰਹੀ ਹੈ। ਜਿਹੜੇ ਖੇਤਰ ਕਦੇ ਹਿੰਸਾ ਨਾਲ ਪਰਿਭਾਸ਼ਿਤ ਹੁੰਦੇ ਸਨ, ਉਹ ਹੁਣ ਵਿਕਾਸ ਅਤੇ ਆਸ ਨਾਲ ਜਾਣੇ ਜਾ ਰਹੇ ਹਨ। ਲਾਲ ਸੂਰਜ ਡੁੱਬਣ ਦੀ ਇਹ ਉਪਮਾ ਸਿਰਫ਼ ਪ੍ਰਤੀਕ ਨਹੀਂ—ਇਹ ਇੱਕ ਅੰਤ ਦੀ ਘੋਸ਼ਣਾ ਹੈ।

ਹੁਣ ਉਹ ਦਿਨ ਦੂਰ ਨਹੀਂ ਜਦੋਂ ਦੇਸ਼ ਨਕਸਲਵਾਦ ਤੋਂ ਪੂਰੀ ਤਰ੍ਹਾਂ ਮੁਕਤ ਹੋਵੇਗਾ ਅਤੇ ਜਿਨ੍ਹਾਂ ਜੰਗਲਾਂ ਵਿੱਚ ਕਦੇ ਗੋਲੀਆਂ ਦੀ ਗੂੰਜ ਹੁੰਦੀ ਸੀ, ਉੱਥੇ ਵਿਕਾਸ ਅਤੇ ਸ਼ਾਂਤੀ ਦੀ ਆਵਾਜ਼ ਸੁਣਾਈ ਦੇਵੇਗੀ। ••


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਹੋਲੇ ਮਹੱਲੇ ਦਾ ਮਹਾਨ ਦਿਹਾੜਾ 7 ਅਤੇ 8 ਮਾਰਚ

## ਹੋਲੇ ਮਹੱਲੇ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 7 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 8 ਮਾਰਚ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਜਸਪਾਲ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਲੜੀਵਾਰ ਕਥਾ ਵਿਚਾਰ
ਗੁਰਦੁਆਰਾ
ਸੀਸ਼ ਗੰਜ ਸਾਹਿਬ
7 ਮਾਰਚ 2026 ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
Live on
PTC SIMRAN
ਗੁਰਦੁਆਰਾ
ਬੰਗਲਾ ਸਾਹਿਬ
8 ਮਾਰਚ 2026 ਐਤਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
Live on
CHRDIKALA TIME TV
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਕਥਾ ਵਿਚਾਰ ਦੀ ਹਾਜ਼ਰੀ ਭਰਨਗੇ ਜੀ
ਸੰਪਰਕ ਨੰਬਰ-9356060960,9814015740

### ਮਾਮਲਾ ਐਕਸੀਡੈਂਟ ਹੋਣ ਕਾਰਨ ਨੌਜਵਾਨ ਦੀ ਹੋਈ ਮੌਤ ਦਾ

# ਜਗਾ ਰਾਮ ਤੀਰਥ ਵਾਸੀਆਂ ਵੱਲੋਂ ਥਾਣਾ ਤਲਵੰਡੀ ਸਾਬੋ ਦੇ ਮੂਹਰੇ ਲਾਇਆ ਧਰਨਾ



**ਤਲਵੰਡੀ ਸਾਬੋ, 05 ਮਾਰਚ (ਗੁਰਜੰਟ ਸਿੰਘ ਨਥੇਹਾ)**- ਤਲਵੰਡੀ ਸਾਬੋ ਦੇ ਨੇੜਲੇ ਪਿੰਡ ਜਗਾ ਰਾਮ ਤੀਰਥ ਦੇ 40 ਸਾਲ ਦੇ ਗਰੀਬ ਕਿਸਾਨ ਵਿਅਕਤੀ ਦੀ ਟਰੈਕਟਰ ਦੇ ਵਿੱਚ ਕੈਂਟਰ ਵੱਜਣ ਨਾਲ ਮੌਤ ਹੋਣ ਦਾ ਸਮਾਂ ਪ੍ਰਾਪਤ ਹੋਇਆ ਹੈ। ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਗੁਰਲਾਲ ਸਿੰਘ ਪੁੱਤਰ ਬਾਬੂ ਸਿੰਘ ਵਾਸੀ ਜਗਾ ਰਾਮ ਤੀਰਥ ਨੇ ਥਾਣਾ ਤਲਵੰਡੀ ਸਾਬੋ ਵਿਖੇ ਆਪਣੇ ਬਿਆਨ ਦਰਜ਼ ਕਰਵਾਏ ਹਨ ਕਿ ਮੇਰਾ ਚਾਚਾ ਕੁਲਦੀਪ ਸਿੰਘ ਪੁੱਤਰ ਕ੍ਰਿਸ਼ਨ ਸਿੰਘ 13 ਫਰਵਰੀ ਨੂੰ ਆਪਣੇ ਟਰੈਕਟਰ ਨੰਬਰ ਪੀਬੀ 03 ਬੀ ਕੇ 4458 'ਤੇ ਦਾਣਾ ਮੰਡੀ ਜੀਵਨ ਸਿੰਘ ਕੋਲ ਜਾ ਰਿਹਾ ਸੀ ਮਗਰੋਂ ਵਿਨੋਦ ਕੁਮਾਰ ਪੁੱਤਰ ਹੇਤ ਰਾਮ ਵਾਸੀ ਗੋਲੂ ਵਾਲਾ ਹਨੂਮਾਨਗੜ੍ਹ ਰਾਜਸਥਾਨ ਜੋ ਕਿ ਕੈਂਟਰ ਚਲਾ ਰਿਹਾ ਸੀ ਜਿਸ ਦਾ ਨੰਬਰ ਆਰ ਜੇ 31 ਜੀ ਵੀ 3786 ਲਿਆ ਕੇ ਵਿੱਚ ਮਾਰਿਆ ਜਿਸ ਨਾਲ ਮੇਰੇ ਚਾਚਾ ਕੁਲਦੀਪ ਸਿੰਘ ਪੁੱਤਰ ਕ੍ਰਿਸ਼ਨ ਸਿੰਘ ਜਗਾ ਰਾਮ ਤੀਰਥ ਦੇ ਗੰਭੀਰ ਸੱਟਾਂ ਲੱਗੀਆਂ ਜਿਸ ਨੂੰ ਅਸੀਂ ਏਮਜ਼ ਹਸਪਤਾਲ ਬਠਿੰਡਾ ਵਿਖੇ ਦਾਖਲ ਕਰਵਾ ਦਿੱਤਾ ਜਿਸ ਦੀ ਇਲਾਜ ਦੌਰਾਨ 3 ਮਾਰਚ ਨੂੰ ਮੌਤ ਹੋ ਗਈ। ਪੁਲਿਸ ਨੇ ਉਕਤ ਵਿਅਕਤੀਆਂ ਦੇ ਬਿਆਨ ਦੇ ਅਧਾਰ 'ਤੇ ਮੁਕਦਮਾ ਨੰਬਰ 44 ਧਾਰਾ 106, 125 (ਏ) 125 ਬੀ) 324 (4)ਬੀ.ਐਨ.ਐਸ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ। ਪਰ ਪਰਿਵਾਰ ਵੱਲੋਂ ਪੁਲਿਸ ਉੱਤੇ ਦੋਸ਼ੀਆਂ 'ਤੇ ਕਾਰਵਾਈ ਨਾ ਕਰਨ ਦੇ ਦੋਸ਼ ਲਗਾਏ ਅਤੇ ਤਲਵੰਡੀ ਸਾਬੋ ਥਾਣਾ ਅੱਗੇ ਧਰਨਾ ਲਗਾ ਦਿੱਤਾ। ਪਿੰਡ ਵਾਸੀਆਂ ਦਾ ਕਹਿਣਾ ਕਿ ਪੁਲਿਸ ਦਾ ਏ.ਐਸ.ਆਈ ਦਰਸ਼ਨ ਸਿੰਘ ਜੋ ਕਿ ਮ੍ਰਿਤਕ ਦੇ ਪਰਿਵਾਰ ਦੇ ਬਿਆਨ ਲੈਣ ਦੀ ਬਜਾਏ ਉਹਨਾਂ ਨੂੰ ਕਥਿਤ ਡਰਾ ਧਮਕਾ ਰਿਹਾ ਸੀ ਅਤੇ ਨਾ ਹੀ ਪੁਲਿਸ ਨੇ ਕੈਂਟਰ ਮਾਲਕ ਅਤੇ ਕੈਂਟਰ ਨੂੰ ਫੜ ਕੇ ਲਿਆਂਦਾ ਬਿਨਾਂ ਕਾਰਵਾਈ ਕੈਂਟਰ ਮਾਲਕ ਅਤੇ ਕੈਂਟਰ ਨੂੰ ਛੱਡ ਦਿੱਤਾ ਉਹਨਾਂ ਦੋਸ਼ ਲਾਇਆ ਕਿ ਪੁਲਿਸ ਦੋਸ਼ੀਆਂ ਤੇ ਕੋਈ ਕਾਰਵਾਈ ਨਹੀਂ ਕਰ ਰਹੀ। ਧਰਨਾਕਾਰੀਆਂ ਨੇ ਕਿਹਾ ਕਿ ਇਹ ਧਰਨਾ ਉਨਾ ਸਮਾਂ ਜਾਰੀ ਰਹੇਗਾ ਜਦੋਂ ਤੱਕ ਦੋਸ਼ੀਆਂ ਨੂੰ ਅਤੇ ਕੈਂਟਰ ਨੂੰ ਫੜ ਕੇ ਉਹਨਾਂ ਉੱਤੇ ਕਾਰਵਾਈ ਨਹੀਂ ਕੀਤੀ ਜਾਂਦੀ। ਉਹਨਾਂ ਨਾਲ ਹੀ ਕਿਹਾ ਕਿ ਇਸ ਇਹ ਪਰਿਵਾਰ ਬਹੁਤ ਗਰੀਬ ਪਰਿਵਾਰ ਹੈ ਇਸ ਦੇ ਲੜਕੀਆਂ ਹਨ ਮਾਂ ਪਿਓ ਬਜ਼ੁਰਗ ਹੈ ਪੰਜਾਬ ਸਰਕਾਰ ਵੱਲੋਂ ਇਹਨਾਂ ਦੀ ਮਦਦ ਕੀਤੀ ਜਾਵੇ। ਇਸ ਸੰਬੰਧ ਵਿੱਚ ਜਦੋਂ ਥਾਣਾ ਤਲਵੰਡੀ ਸਾਬੋ ਦੇ ਡੀਐਸਪੀ ਹਰਪ੍ਰੀਤ ਸਿੰਘ ਚਾਹਲ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਉਕਤ ਵਿਅਕਤੀਆਂ ਦੇ ਬਿਆਨਾਂ ਦੇ ਆਧਾਰ 'ਤੇ ਅਸੀਂ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰ ਦਿੱਤਾ ਹੈ ਅਤੇ ਦੋਸ਼ੀਆਂ ਦੀ ਭਾਲ ਜਾਰੀ ਹੈ। ਜਲਦ ਹੀ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਸ਼ਲਾਖਾਂ ਦੇ ਪਿੱਛੇ ਕਰ ਦਿੱਤਾ ਜਾਵੇਗਾ। ਖਬਰ ਲਿਖੇ ਜਾਣ ਤੱਕ ਧਰਨਾ ਜਾਰੀ ਸੀ। ਮਿਰਤਕ ਦਾ ਸੰਸਕਾਰ ਵੀ ਨਹੀਂ ਕੀਤਾ ਗਿਆ।

**ਪੁਲਿਸ ਨੇ ਕੀਤਾ ਅਰੋਪੀਆਂ ਖਿਲਾਫ ਮਾਮਲਾ ਦਰਜ, ਧਰਨਾ ਜਾਰੀ**

ਆਵਾਜ਼ਿ ਕੌਮ AWAZE QAUM International Newspaper & WEB TV

### ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ

# ਅੱਗ ਸੁਰੱਖਿਆ ਸੰਬੰਧੀ ਮੌਕ ਡ੍ਰਿਲ ਕਰਵਾਈ ਗਈ



**ਤਲਵੰਡੀ ਸਾਬੋ, 05 ਮਾਰਚ (ਗੁਰਜੰਟ ਸਿੰਘ ਨਥੇਹਾ)**- ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ.ਰਵੀ ਕਾਂਤ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਅੱਗ ਸੁਰੱਖਿਆ ਸੰਬੰਧੀ ਮੌਕ ਡ੍ਰਿਲ ਕਰਵਾਈ ਗਈ। ਇਸ ਮੌਕ ਡ੍ਰਿਲ ਦੀ ਨਿਗਰਾਨੀ ਡਾ. ਪ੍ਰਭਜੋਤ ਕੌਰ ਨੋਡਲ ਅਫਸਰ ਫਾਇਰ ਸੇਫਟੀ ਵੱਲੋਂ ਕੀਤੀ ਗਈ। ਇਸ ਦੌਰਾਨ ਹਸਪਤਾਲ ਦੇ ਸਮੂਹ ਸਟਾਫ ਮੈਂਬਰਾਂ ਨੂੰ ਅੱਗ ਲੱਗਣ ਦੀ ਸੰਭਾਵੀ ਘਟਨਾ ਦੌਰਾਨ ਬਚਾਅ ਦੇ ਤਰੀਕਿਆਂ ਅਤੇ ਸੁਰੱਖਿਆ ਉਪਾਇਆਂ ਬਾਰੇ ਜਾਣਕਾਰੀ ਦਿੱਤੀ ਗਈ। ਸਟਾਫ ਨੂੰ ਫਾਇਰ ਐਕਸਟਿੰਗਵਿਸ਼ਰ ਦੀ ਵਰਤੋਂ ਕਰਨ ਅਤੇ ਐਮਰਜੈਂਸੀ ਸਥਿਤੀ ਵਿੱਚ ਮਰੀਜ਼ਾਂ ਨੂੰ ਸੁਰੱਖਿਅਤ ਢੰਗ ਨਾਲ ਬਾਹਰ ਕੱਢਣ ਦੇ ਤਰੀਕਿਆਂ ਬਾਰੇ ਪ੍ਰੈਕਟੀਕਲ ਡੈਮੋ ਵੀ ਦਿੱਤਾ ਗਿਆ। ਇਸ ਮੌਕ ਡ੍ਰਿਲ ਵਿੱਚ ਹਸਪਤਾਲ ਦੇ ਸਮੂਹ ਡਾਕਟਰਾਂ, ਨਰਸਿੰਗ ਸਟਾਫ ਅਤੇ ਹੋਰ ਕਰਮਚਾਰੀਆਂ ਨੇ ਭਾਗ ਲਿਆ। ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਮੌਕ ਡ੍ਰਿਲਾਂ ਕਰਵਾਉਣ ਦਾ ਮਕਸਦ ਐਮਰਜੈਂਸੀ ਸਥਿਤੀਆਂ ਦੌਰਾਨ ਤੁਰੰਤ ਅਤੇ ਸੁਚੱਜੀ ਕਾਰਵਾਈ ਯਕੀਨੀ ਬਣਾਉਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਕਾਂਝਲਾ ਬਣੇ ਬਲਾਕ ਸੰਮਤੀ ਧੂਰੀ ਦੇ ਚੇਅਰਮੈਨ, ਚੇਅਰਮੈਨ ਘੁੱਲੀ ਅਤੇ ਡਾ. ਅਨਵਰ ਨੇ ਦਿੱਤੀ ਮੁਬਾਰਕਵਾਦ



ਧੂਰੀ ( ਰਣਜੀਤ ਸਿੰਘ ਪੇਧਨੀ )ਪਿਛਲੇ ਲੰਮੇ ਸਮੇਂ ਤੋਂ ਪਾਰਟੀ ਲਈ ਦਿਨ ਰਾਤ ਮਿਹਨਤ ਕਰਨ ਅਤੇ ਪਾਰਟੀ ਲਈ ਅੱਗੇ ਹੋ ਕੇ ਆਪਣੀਆ ਸੇਵਾਵਾਂ ਨਿਭਾ ਰਹੇ, ਆਮ ਘਰ ਦੇ ਮੁੰਡੇ ਨੂੰ ਬਲਾਕ ਸੰਮਤੀ ਜੋਨ ਹਸਨਪੁਰ ਤੋਂ ਵੱਡੇ ਮਾਰਜਨ ਨਾਲ ਜਿੱਤੇ ਰਣਜੋਧ ਸਿੰਘ ਕਾਂਝਲਾ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਬਲਾਕ ਸੰਮਤੀ ਧੂਰੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ । ਇਸ ਦੇ ਨਾਲ ਹੀ ਸਰਬਸੰਮਤੀ ਨਾਲ ਬਲਾਕ ਸੰਮਤੀ ਜੋਨ ਢਢੋਗਲ ਤੋਂ ਮੈਂਬਰ ਮਨਪ੍ਰੀਤ ਕੌਰ ਢਢੋਗਲ ਨੂੰ ਵਾਇਸ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਦੋਵਾਂ ਚੇਅਰਮੈਨਾਂ ਨੂੰ ਮੁਬਾਰਕਵਾਦ ਦਿੰਦਿਆ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਮੁੱਖ ਮੰਤਰੀ ਦਫ਼ਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਨੇ ਕਿਹਾ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਆਮ ਘਰਾਂ ਦੇ ਮੁੰਡਿਆਂ ਨੂੰ ਵੱਡੀਆਂ ਜਿੰਮੇਵਾਰੀਆਂ ਦੇਖ ਕੇ ਨਿਵਾਜਿਆ ਜਾ ਰਿਹਾ ਹੈ। ਇਸੇ ਹੀ ਤਹਿਤ ਧੂਰੀ ਹਲਕੇ ਚੋਂ ਬਲਾਕ ਸੰਮਤੀ ਦੇ ਚੇਅਰਮੈਨ ਰਣਜੋਤ ਸਿੰਘ ਕਾਂਝਲਾ ਅਤੇ ਭੈਣ ਮਨਪ੍ਰੀਤ ਕੌਰ ਢਢੋਗਲ ਨੂੰ ਵਾਇਸ ਚੇਅਰਮੈਨ ਬਣਾ ਕੇ ਇੱਕ ਇਤਿਹਾਸ ਸਿਰਜਿਆ ਹੈ। ਇਸ ਮੌਕੇ ਬਲਾਕ ਸੰਮਤੀ ਮੈਂਬਰ ਅਮਰਦੀਪ ਸਿੰਘ ਧਾਦਰਾਂ, ਬਲਾਕ ਸੰਮਤੀ ਮੈਂਬਰ ਕੁਲਵਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਜਗਜੀਤ ਸਿੰਘ ਕੱਕੜਵਾਲ, ਹਰਪ੍ਰੀਤ ਸਿੰਘ ਭਲਵਾਨ ਮੈਂਬਰ ਬਲਾਕ ਸੰਮਤੀ, ਜਸਵਿੰਦਰ ਕੌਰ ਭੁੱਲਰਹੇੜੀ ਮੈਂਬਰ ਬਲਾਕ ਸੰਮਤੀ, ਹਰਜਿੰਦਰ ਕੌਰ ਰਾਜੋਮਾਜਰਾ ਮੈਂਬਰ ਬਲਾਕ ਸੰਮਤੀ, ਕੁਰਸੈਦ ਭਸੌੜ ਮੈਂਬਰ ਬਲਾਕ ਸੰਮਤੀ, ਜਗਸੀਰ ਸਿੰਘ ਕਰਮਜੀਤ ਸਿੰਘ ਕਾਂਝਲਾ, ਸਕੱਤਰ ਅਵਤਾਰ ਖਾਨ, ਆਤਮਾ ਸਿੰਘ ਢਢੋਗਲ, ਸਰਪੰਚ ਜਸਵੀਰ ਦਾਸ ਢਢੋਗਲ ਹਾਜਰ ਸਨ।

# ਭਾਜਪਾ ਦੀ ਮੋਗਾ ਰੈਲੀ ਪੰਜਾਬ ਦੀ ਸਿਆਸਤ 'ਚ ਨਵਾਂ ਮੋੜ ਲਿਆਵੇਗੀ : ਸਿੱਧੂ



**ਧੂਰੀ (ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਪੰਜਾਬ ਵੱਲੋਂ 14 ਮਾਰਚ ਨੂੰ ਮੋਗਾ ਵਿਖੇ ਕਰਵਾਈ ਜਾ ਰਹੀ ਬਦਲਾਅ ਰੈਲੀ ਨੂੰ ਲੈ ਕੇ ਹਲਕਾ ਧੂਰੀ ਦੇ ਇੰਚਾਰਜ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਭਾਜਪਾ 'ਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਸਾਮਿਲ ਕਰਨ ਸਮੇਂ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਹ ਰੈਲੀ ਸੂਬੇ ਦੀ ਸਿਆਸਤ ਵਿਚ ਨਵਾਂ ਸੰਦੇਸ਼ ਦੇਵੇਗੀ। ਉਨ੍ਹਾਂ ਕਿਹਾ ਕਿ ਇਸ ਵੱਡੇ ਇਕੱਠ ਨੂੰ ਸੰਬੋਧਨ ਕਰਨ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਖ਼ਾਸ ਤੌਰ 'ਤੇ ਪਹੁੰਚ ਰਹੇ ਹਨ ਅਤੇ ਸੂਬੇ ਭਰ ਤੋਂ ਭਾਜਪਾ ਵਰਕਰ ਵੱਡੀ ਗਿਣਤੀ ਚ ਮੋਗਾ ਪਹੁੰਚਣਗੇ। ਭਾਜਪਾ ਆਗੂ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਚੋਣ ਗਾਰੰਟੀਆਂ ਪੂਰੀਆਂ ਕਰਨ 'ਚ ਅਸਫਲ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਕਾਨੂੰਨ ਵਿਵਸਥਾ ਦੀ ਸਥਿਤੀ ਬੇਹਾਲ ਹੈ ਅਤੇ ਨਸ਼ਾ ਅਤੇ ਮਾਈਨਿੰਗ ਮਾਫ਼ੀਆ ਨਾਲ ਮਿਲੀਭੁਗਤ ਕਰਕੇ ਭ੍ਰਿਸ਼ਟਾਚਾਰ ਬੇਕਾਬੂ ਹੋਇਆ ਹੈ। ਉਨ੍ਹਾਂ ਕਿਹਾ ਕਿ ਮੁਫਤ ਯੋਜਨਾਵਾਂ ਦੇ ਬਕਾਏ ਨਾ ਮਿਲਣ ਕਾਰਨ ਬਿਜਲੀ ਬੋਰਡ ਅਤੇ ਪੰਜਾਬ ਰੋਡਵੇਜ਼ ਭਾਰੀ ਘਾਟੇ 'ਚ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਪੰਜਾਬ ਦੇ ਲੋਕ ਬਦਲਾਅ ਲਿਆਉਣਗੇ ਅਤੇ ਸੂਬੇ ਚ ਭਾਜਪਾ ਦੀ ਡਬਲ ਇੰਜਣ ਸਰਕਾਰ ਬਣੇਗੀ ਜੋ ਪੰਜਾਬ ਨੂੰ ਵਿਕਾਸ ਦੀ ਰਾਹ 'ਤੇ ਅੱਗੇ ਵਧਾਏਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਧੂਰੀ ਵਿਖੇ ਕਬੱਡੀ ਕੱਪ 1ਮਾਰਚ ਨੂੰ -ਕਾਂਝਲਾ, ਭੁੱਲਰ, ਮਾਨ

ਧੂਰੀ ( ਰਣਜੀਤ ਸਿੰਘ ਪੇਧਨੀ )-ਸਹੀਦ ਬਾਬਾ ਦੀਪ ਸਿੰਘ ਸਪੋਰਟਸ ਐਂਡ ਵੈਲਫੇਅਰ ਕਲੱਬ ਵੱਲੋਂਦਸਵਾਂ ਸ਼ਾਨਦਾਰ ਕਬੱਡੀ ਟੂਰਨਾਮੈਂਟ ਧੂਰੀ ਦੀ ਅਨਾਜ ਮੰਡੀ ਵਿਖੇ ਕਲੱਬ ਦੇ ਪ੍ਰਧਾਨ ਦਲਜੀਤ ਸਿੰਘ ਮਾਨ,ਸਰਬਜੀਤ ਸਿੰਘ ਭੁੱਲਰ ਅਤੇ ਉੱਘੇ ਸਮਾਜ ਸੇਵੀ ਸਰਦਾਰ ਹਰਜਿੰਦਰ ਸਿੰਘ ਕਾਜਲਾ ਮੈਂਬਰ ਜ਼ਿਲਾ ਪਰਿਸ਼ਦ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਦਲਜੀਤ ਸਿੰਘ ਮਾਨ ਅਤੇ ਸਰਬਜੀਤ ਸਿੰਘ ਭੁੱਲਰ ਨੇ ਕਿਹਾ ਕਿ ਇੱਕ ਪਿੰਡ ਓਪਨ ਕਬੱਡੀ ਟੂਰਨਾਮੈਂਟ ਦਾ ਪਹਿਲਾ ਇਨਾਮ 71 ਹਜਾਰ ਅਤੇ ਦੂਸਰਾ ਇਨਾਮ 61ਹਜਾਰ ਰੁਪਏ ਰੱਖਿਆ ਗਿਆ ਹੈ ਉਹਨਾਂ ਕਿਹਾ ਕਿ ਬੈਸਟ ਰੇਡਰ ਅਤੇ ਬੈਸਟ ਜਾਫੀ ਨੂੰ 21-21 ਹਜਾਰ ਰੁਪਏ ਦੀ ਨਗਦ ਰਾਸ਼ੀ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

# ਤਹਿਰਾਨ ਵਿੱਚ ਸਿੱਖਾਂ ਦੀ ਸੁਰੱਖਿਆ ਅਤੇ ਵਾਪਸੀ ਨੂੰ ਕੇਂਦਰ ਸਰਕਾਰ ਅੱਗੇ ਯਕੀਨੀ ਬਣਾਉਣ ਦੀ ਅਪੀਲ: ਸਰਨਾ



ਨਵੀਂ ਦਿੱਲੀ, 5 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਈਰਾਨ ਦੀ ਰਾਜਧਾਨੀ ਵਿੱਚ ਵਧ ਰਹੇ ਟਕਰਾਅ ਅਤੇ ਹਵਾਈ ਹਮਲਿਆਂ ਦੇ ਵਿਚਕਾਰ ਤਹਿਰਾਨ ਵਿੱਚ ਗੁਰਦੁਆਰਾ ਸਾਹਿਬ ਅਤੇ ਸਿੱਖਾਂ ਦੀ ਰਿਹਾਇਸ਼ ਨੂੰ ਉੱਚ ਜੋਖਮ ਵਾਲੇ ਖੇਤਰਾਂ ਵਿੱਚ ਸਥਿਤ ਹੋਣ ਦੀਆਂ ਰਿਪੋਰਟਾਂ 'ਤੇ ਚਿੰਤਾ ਪ੍ਰਗਟ ਕੀਤੀ ਹੈ। ਸਰਨਾ ਨੇ ਕਿਹਾ ਕਿ ਤਹਿਰਾਨ ਵਿੱਚ ਸਿੱਖ ਬਹੁਤ ਥੋੜੀ ਗਿਣਤੀ ਵਿਚ ਹਨ, ਜੋ ਇਤਿਹਾਸਕ ਭਾਈ ਗੰਗਾ ਸਿੰਘ ਸਭਾ ਗੁਰਦੁਆਰੇ ਦੇ ਆਲੇ- ਦੁਆਲੇ ਵਸੇ ਹੋਏ ਹਨ, ਜੇਕਰ ਸਥਿਤੀ ਵਿਗੜਦੀ ਹੈ ਅਤੇ ਸ਼ਹਿਰ ਦੇ ਸੰਘਣੀ ਆਬਾਦੀ ਵਾਲੇ ਹਿੱਸਿਆਂ ਵਿੱਚ ਦੁਸ਼ਮਣੀ ਤੇਜ਼ ਹੋ ਜਾਂਦੀ ਹੈ ਉਹਨਾਂ ਨੂੰ ਗੰਭੀਰ ਖ਼ਤਰੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਤਹਿਰਾਨ ਵਿੱਚ ਸਿੱਖ ਭਾਈਚਾਰਾ ਘੱਟ ਗਿਣਤੀ ਦੇ ਬਾਵਜੂਦ ਲੰਬੇ ਸਮੇਂ ਤੋਂ ਵਸਿਆ ਹੋਇਆ ਹੈ। ਉਨ੍ਹਾਂ ਦੇ ਘਰ ਅਤੇ ਗੁਰਦੁਆਰਾ ਉਨ੍ਹਾਂ ਆਂਢ-ਗੁਆਂਢ ਵਿੱਚ ਸਥਿਤ ਹਨ ਜੋ ਉੱਚ ਜੋਖਮ ਵਾਲੇ ਖੇਤਰਾਂ ਵਿੱਚ ਆ ਸਕਦੇ ਹਨ ਜੇਕਰ ਚੱਲ ਰਹੇ ਹਮਲੇ ਅਤੇ ਫੌਜੀ ਆਦਾਨ- ਪ੍ਰਦਾਨ ਹੋਰ ਵਧਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਪਰਿਵਾਰ ਚਿੰਤਾ ਵਿੱਚ ਹਨ ਕਿਉਂਕਿ ਤਹਿਰਾਨ ਵਿੱਚ ਧਮਾਕਿਆਂ ਅਤੇ ਹਮਲਿਆਂ ਦੀਆਂ ਰਿਪੋਰਟਾਂ ਸਾਹਮਣੇ ਆ ਰਹੀਆਂ ਹਨ, ਜਿਸ ਨਾਲ ਸ਼ਹਿਰ ਵਿੱਚ ਰਹਿਣ ਵਾਲੇ ਸਿੱਖਾਂ ਅਤੇ ਹੋਰ ਭਾਰਤੀ ਮੂਲ ਦੇ ਨਿਵਾਸੀਆਂ ਦੀ ਸੁਰੱਖਿਆ ਬਾਰੇ ਚਿੰਤਾਵਾਂ ਵਧਦੀਆਂ ਜਾ ਰਹੀਆਂ ਹਨ। ਸਰਨਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਨੂੰ ਵਿਸ਼ਵ ਨੇਤਾਵਾਂ ਨਾਲ ਉਠਾਉਣ ਅਤੇ ਇਹ ਯਕੀਨੀ ਬਣਾਉਣ ਕਿ ਈਰਾਨ ਦੀ ਰਾਜਧਾਨੀ ਵਿੱਚ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਲਈ ਤੁਰੰਤ ਕਦਮ ਚੁੱਕੇ ਜਾਣ। ਭਾਰਤ ਸਰਕਾਰ ਨੂੰ ਤਹਿਰਾਨ ਅਤੇ ਨੇੜਲੇ ਇਲਾਕਿਆਂ ਤੋਂ ਭਾਰਤੀ ਮੂਲ ਦੇ ਨਿਵਾਸੀਆਂ, ਜਿਨ੍ਹਾਂ ਵਿੱਚ ਸਿੱਖ ਵੀ ਸ਼ਾਮਲ ਹਨ, ਨੂੰ ਕੱਢਣ ਲਈ ਤਿਆਰੀ ਕਰਨੀ ਚਾਹੀਦੀ ਹੈ ਅਤੇ ਸਥਿਤੀ ਸਥਿਰ ਹੋਣ ਤੱਕ ਉਨ੍ਹਾਂ ਨੂੰ ਭਾਰਤ ਵਾਪਸ ਲਿਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਭਾਰਤ ਨੇ ਪਹਿਲਾਂ ਵੀ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਟਕਰਾਵਾਂ ਅਤੇ ਸੰਕਟਾਂ ਦੌਰਾਨ ਸੁਰੱਖਿਅਤ ਵਾਪਸੀ ਮਿਸ਼ਨ ਚਲਾਏ ਹਨ ਅਤੇ ਆਪਣੇ ਨਾਗਰਿਕਾਂ ਅਤੇ ਮੌਜੂਦਾ ਸਮੇਂ ਈਰਾਨ ਵਿੱਚ ਭਾਰਤੀ ਮੂਲ ਦੇ ਲੋਕਾਂ ਨੂੰ ਵੀ ਇਸੇ ਤਰ੍ਹਾਂ ਦੀ ਸਹਾਇਤਾ ਦੇਣ ਲਈ ਤਿਆਰ ਰਹਿਣਾ ਚਾਹੀਦਾ ਹੈ। ਵਿਦੇਸ਼ਾਂ ਵਿੱਚ ਹਰੇਕ ਭਾਰਤੀ ਦੀ ਸੁਰੱਖਿਆ ਸਭ ਤੋਂ ਮਹੱਤਵਪੂਰਨ ਹੈ। ਸਰਕਾਰ ਨੂੰ ਸਥਿਤੀ ਦੀ ਨੇੜਿਓਂ ਨਿਗਰਾਨੀ ਕਰਨੀ ਚਾਹੀਦੀ ਹੈ ਅਤੇ ਇਹ ਯਕੀਨੀ ਬਣਾਉਣ ਲਈ ਸਮੇਂ ਸਿਰ ਕਦਮ ਚੁੱਕਣੇ ਚਾਹੀਦੇ ਹਨ ਕਿ ਸਾਡੇ ਲੋਕ ਤੇਜ਼ੀ ਨਾਲ ਵਧ ਰਹੇ ਟਕਰਾਅ ਦੇ ਗੋਲੀਬਾਰੀ ਵਿੱਚ ਨਾ ਫਸ ਜਾਣ ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਬੱਤ ਦੇ ਭਲੇ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵਲੋਂ

# ਸ਼੍ਰੀ ਅਖੰਡ ਪਾਠ ਸਾਹਿਬ ਦਾ ਆਯੋਜਨ




**ਤਲਵੰਡੀ ਸਾਬੋ, 5 ਮਾਰਚ (ਗੁਰਜੰਟ ਸਿੰਘ ਨਥੇਹਾ)**- ਸਰਬੱਤ ਦੇ ਭਲੇ, ਖੁਸ਼ਹਾਲੀ ਅਤੇ ਅਕਾਲ ਪੁਰਖ ਦੀਆਂ ਰਹਿਮਤਾਂ ਪ੍ਰਾਪਤ ਕਰਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵਲੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਅਖੰਡ ਪਾਠ ਸਾਹਿਬ ਦਾ ਆਯੋਜਨ ਕੀਤਾ ਗਿਆ। ਜਿਸਦੇ ਭੋਗ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤਖਤ ਸ਼੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਵਿੰਦਰ ਸਿੰਘ ਤੇ ਉਹਨਾਂ ਦੇ ਰਾਗੀ ਜੱਥੇ ਪਾਸੋਂ ਰਸ-ਭਿੰਨਾ ਰੂਹਾਨੀ, ਗੁਰਬਾਣੀ ਕੀਰਤਨ ਕੀਤਾ ਗਿਆ। ਬਾਅਦ ਵਿੱਚ ਤਖਤ ਸ਼੍ਰੀ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਜਥੇਦਾਰ ਜਗਤਾਰ ਸਿੰਘ ਵਲੋਂ ਪ੍ਰੇਰਨਾ ਭਰਪੂਰ ਕਥਾ ਵਿਆਖਿਆਨ ਕੀਤਾ ਗਿਆ। ਇਸ ਮੌਕੇ ਵਾਈਸ ਚਾਸਲਰ ਪ੍ਰੋ. (ਡਾ.) ਰਾਮੇਸ਼ਵਰ ਸਿੰਘ, ਪ੍ਰੋ. ਵਾਈਸ ਚਾਂਸਲਰ (ਡਾ.) ਜਗਤਾਰ ਸਿੰਘ ਧੀਮਾਨ, ਡਾਇਰੈਕਟਰ ਕੈਂਪਸ ਡਾ. ਹਰਜਸਪਾਲ ਸਿੰਘ ਸਿੱਧੂ ਵੱਖ-ਵੱਖ ਵਿਭਾਗਾਂ ਦੇ ਡੀਨ, ਅਧਿਆਪਕ, ਵਿਦਿਆਰਥੀਆਂ ਅਤੇ ਸੰਗਤਾਂ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਮੱਥਾ ਟੇਕਿਆ। ਇਸ ਮੌਕੇ ਪ੍ਰੋ. ਵਾਈਸ ਚਾਂਸਲਰ (ਡਾ.) ਧੀਮਾਨ ਨੇ ਕਿਹਾ ਕਿ ਜੀ.ਕੇ.ਯੂ ਨੇ ਗੁਰੂ ਸਾਹਿਬ ਦੇ ਬਚਨਾਂ ਨੂੰ ਆਪਣਾ ਰਾਹ ਦਿਸੇਰਾ ਮੰਤਰ ਬਣਾਇਆ ਹੈ, ਜੋ ਅਕਾਦਮਿਕ ਅਤੇ ਅਧਿਆਤਮਕਤਾ ਦੀ ਸ਼੍ਰੇਸ਼ਠਤਾ ਪ੍ਰਤੀ ਇਸ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਹਨਾਂ ਦੱਸਿਆ ਕਿ ਗੁਰੂ ਸਾਹਿਬ ਦੇ ਬਚਨ "ਇਹ ਹੈ ਪ੍ਰਗਟ ਹਮਾਰੀ ਕਾਸ਼ੀ" ਅਨੁਸਾਰ ਯੂਨੀਵਰਸਿਟੀ ਦਾ ਗਾਣ ਬਣਾਇਆ ਹੈ। ਯੂਨੀਵਰਸਿਟੀ ਇਸ ਵਿਸ਼ੇ ਵਿੱਚ ਹੋਰਨਾਂ ਅਦਾਰਿਆ ਨਾਲ ਮਿਲਕੇ ਚੱਲਣ ਦੀ ਸਿਰਕੱਢ ਭੂਮਿਕਾ ਨਿਭਾਉਦੀ ਹੈ। ਯੂਨੀਵਰਸਿਟੀ ਇੱਕ ਪ੍ਰਮੁੱਖ ਸਿੱਖਿਆ ਕੇਂਦਰ ਵਜੋਂ ਵਿਕਸਿਤ ਹੋ ਰਹੀ ਹੈ। ਜਿਸ ਦਾ ਦੇਸ਼ਾਂ ਵਿਦੇਸ਼ਾਂ ਦੇ ਵਿੱਦਿਅਕ ਅਦਾਰਿਆਂ ਵਿੱਚ ਨਾਂ ਹੈ। ਉਹਨਾਂ ਯੂਨੀਵਰਸਿਟੀ ਵਲੋਂ ਨੌਜਵਾਨ ਪੀੜ੍ਹੀ ਅਤੇ ਮਹਿਲਾਵਾਂ ਦੇ ਸਸ਼ਕਤੀਕਰਨ ਵਿੱਚ ਪਾਏ ਜਾ ਰਹੇ ਯੋਗਦਾਨ ਬਾਰੇ ਵੀ ਚਾਨਣਾ ਪਾਇਆ। ਵਾਈਸ ਚਾਂਸਲਰ (ਡਾ.) ਸਿੰਘ ਤੇ ਹੋਰਨਾਂ ਵਲੋਂ ਸਮਾਜ ਸੇਵਾ, ਸਾਹਿਤ ਸੇਵਾ ਅਤੇ ਸਮਾਗਮ ਵਿੱਚ ਆਪਣਾ ਯੋਗਦਾਨ ਪਾਉਣ ਵਾਲੀਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਤੇ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ "ਗੁਰਮਿਤ ਇਤਿਹਾਸ ਅਤੇ ਸਾਹਿਤ" ਦੇ ਲੇਖਕ ਗਿਆਨੀ ਕੌਰ ਸਿੰਘ ਕੋਠਾ, ਸੰਗਤ ਗੁਰੂ ਇਸ਼ਨਾਨ ਸੇਵਾ ਅੰਮ੍ਰਿਤ ਵੇਲਾ, ਭਾਈ ਕਾਹਨ ਸਿੰਘ ਨੰਗਲਾ, ਦੁੱਧ ਲੰਗਰ ਸੇਵਾ ਏਮਜ਼ ਹਸਪਤਾਲ, ਸ਼ਹੀਦ ਭਾਈ ਮਨੀ ਸਿੰਘ ਸੁਖਮਨੀ ਸੇਵਾ ਸੁਸਾਇਟੀ, ਮੁੱਖ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ, ਗਿਆਨੀ ਜਗਤਾਰ ਸਿੰਘ, ਨੂੰ ਸਨਮਾਨਿਤ ਕੀਤਾ। ਸਮਾਗਮ ਦਾ ਸੰਚਾਲਨ ਕਰਦੇ ਹੋਏ ਡਾ. ਗੁਰਜੀਤ ਸਿੰਘ ਖਾਲਸਾ ਮੁੱਖੀ ਧਰਮ ਅਧਿਐਨ ਵਿਭਾਗ ਨੇ ਸ਼੍ਰੀ ਦਮਦਮਾ ਸਾਹਿਬ ਦੀ ਧਰਤੀ ਨੂੰ ਦਸਮ ਗੁਰੂ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਦਿੱਤੀਆਂ ਬਖਸ਼ਿਸ਼ਾਂ ਬਾਰੇ ਜਾਣਕਾਰੀ ਦਿੰਦੇ ਹੋਏ ਇਸ ਦੇ ਇਤਿਹਾਸ ਬਾਰੇ ਚਾਨਣਾ ਪਾਇਆ। ਅੰਤ ਵਿੱਚ ਮੁੱਖ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ ਵਲੋਂ ਸ਼ਾਂਤੀ, ਸਰਬੱਤ ਦੇ ਭਲੇ, ਸਭਨਾਂ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ ਬੇਨਤੀ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੀਨੀਅਰ ਸਿਟੀਜ਼ਨਾਂ ਲਈ ਅਮਨਦੀਪ ਹਸਪਤਾਲ ਵੱਲੋਂ ਮੁ਼ਫਤ ਮੈਡੀਕਲ ਚੈਕਅਪ ਕੈਂਪ ਲਗਾਇਆ



ਫ਼ਿਰੋਜ਼ਪੁਰ, 05 ਮਾਰਚ (ਮਨੋਹਰ ਲਾਲ) :– ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਅਤੇ ਸੀਨੀਅਰ ਸਿਟੀਜ਼ਨ ਕੌਂਸਲ ਫਿਰੋਜ਼ਪੁਰ ਦੇ ਸਹਿਯੋਗ ਨਾਲ ਸੀਨੀਅਰ ਸਿਟੀਜ਼ਨਾਂ ਲਈ ਮੁ਼ਫਤ ਮੈਡੀਕਲ ਚੈਕਅੱਪ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲਗਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਬਜ਼ੁਰਗਾਂ ਨੇ ਪਹੁੰਚ ਕੇ ਸਿਹਤ ਜਾਂਚ ਸੇਵਾਵਾਂ ਦਾ ਲਾਭ ਲਿਆ। ਕੈਂਪ ਦੌਰਾਨ ਪਹੁੰਚੇ ਸਾਰੇ ਸੀਨੀਅਰ ਸਿਟੀਜ਼ਨਾਂ ਦੀ ਮੁ਼ਫਤ ਬਲੱਡ ਪ੍ਰੈਸ਼ਰ (ਬੀ.ਪੀ) ਅਤੇ ਬਲੱਡ ਸ਼ੂਗਰ ਦੀ ਜਾਂਚ ਕੀਤੀ ਗਈ ਅਤੇ ਲੋੜ ਅਨੁਸਾਰ ਮੁ਼ਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਕੈਂਪ ਦਾ ਮੁੱਖ ਉਦੇਸ਼ ਬਜ਼ੁਰਗਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਸੀ। ਇਸ ਮੌਕੇ ਫਿਰੋਜ਼ਪੁਰ ਸੀਨੀਅਰ ਸਿਟੀਜ਼ਨ ਕੌਂਸਲ ਦੇ ਪ੍ਰਧਾਨ ਪੀ.ਡੀ. ਸ਼ਰਮਾ ਨੇ ਕੈਂਪ ਦਾ ਉਦਘਾਟਨ ਕੀਤਾ ਅਤੇ ਇਸ ਪਹਿਲ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਸਮਾਜ ਦੇ ਬਜ਼ੁਰਗਾਂ ਲਈ ਬਹੁਤ ਲਾਭਦਾਇਕ ਸਾਬਤ ਹੁੰਦੇ ਹਨ। ਅਮਨਦੀਪ ਹਸਪਤਾਲ ਫਿਰੋਜ਼ਪੁਰ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਹਸਪਤਾਲ ਹਮੇਸ਼ਾਂ ਸਮਾਜ ਸੇਵਾ ਲਈ ਵਚਨਬੱਧ ਹੈ ਅਤੇ ਸੀਨੀਅਰ ਸਿਟੀਜ਼ਨਾਂ ਦੀ ਸਿਹਤ ਅਤੇ ਭਲਾਈ ਨੂੰ ਉਤਸ਼ਾਹਿਤ ਕਰਨਾ ਉਨ੍ਹਾਂ ਦੀ ਪ੍ਰਾਥਮਿਕਤਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਕੈਂਪਾਂ ਰਾਹੀਂ ਜ਼ਰੂਰਤਮੰਦ ਲੋਕਾਂ ਤੱਕ ਵਧੀਆ ਸਿਹਤ ਸੇਵਾਵਾਂ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਕੈਂਪ ਦੌਰਾਨ ਅਮਨਦੀਪ ਹਸਪਤਾਲ ਦੀ ਤਜਰਬੇਕਾਰ ਮੈਡੀਕਲ ਟੀਮ ਵੱਲੋਂ ਆਏ ਹੋਏ ਲੋਕਾਂ ਨੂੰ ਸਿਹਤ ਸੰਬੰਧੀ ਸਲਾਹ ਅਤੇ ਮਾਰਗਦਰਸ਼ਨ ਵੀ ਦਿੱਤਾ ਗਿਆ। ਇਸ ਕੈਂਪ ਨੂੰ ਲੋਕਾਂ ਵੱਲੋਂ ਵਧੀਆ ਪ੍ਰਤੀਕਿਰਿਆ ਮਿਲੀ ਅਤੇ ਲਗਭਗ 150 ਤੋਂ ਵੱਧ ਸੀਨੀਅਰ ਸਿਟੀਜ਼ਨਾਂ ਨੇ ਮੁ਼ਫਤ ਸਿਹਤ ਜਾਂਚ ਸੇਵਾਵਾਂ ਦਾ ਲਾਭ ਲਿਆ। ਗੌਰਤਲਬ ਹੈ ਕਿ ਅਮਨਦੀਪ ਗਰੁੱਪ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਪ੍ਰਮੁੱਖ ਨਾਮ ਬਣ ਚੁੱਕਾ ਹੈ। ਗਰੁੱਪ ਦੇ ਅਧੀਨ 750 ਤੋਂ ਵੱਧ ਬੈਡਾਂ ਦੀ ਸਹੂਲਤ ਅਤੇ 170 ਤੋਂ ਵੱਧ ਵਿਸ਼ੇਸ਼ਗਿਆ ਡਾਕਟਰਾਂ ਦੀ ਟੀਮ ਕੰਮ ਕਰ ਰਹੀ ਹੈ। ਅੰਮ੍ਰਿਤਸਰ ਵਿੱਚ ਦੋ ਆਧੁਨਿਕ ਹਸਪਤਾਲਾਂ ਤੋਂ ਇਲਾਵਾ ਪਠਾਨਕੋਟ, ਫਿਰੋਜ਼ਪੁਰ, ਸ੍ਰੀਨਗਰ ਅਤੇ ਤਰਨਤਾਰਨ ਵਿੱਚ ਵੀ ਹਸਪਤਾਲ ਚੱਲ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜੇਨੇਸਿਸ ਡੈਂਟਲ ਕਾਲਜ ਵਿੱਚ ਧੂਮ-ਧਾਮ ਨਾਲ ਮਨਾਇਆ ਗਿਆ ਰੰਗਾਂ ਦਾ ਤਿਉਹਾਰ



ਫ਼ਿਰੋਜ਼ਪੁਰ, 05 ਮਾਰਚ (ਮਨੋਹਰ ਲਾਲ) :– ਮੋਗਾ ਰੋਡ ਸਥਿਤ ਜੇਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵਿੱਚ ਹੋਲੀ ਦਾ ਤਿਉਹਾਰ ਪੂਰੇ ਜੋਸ਼, ਉਤਸ਼ਾਹ ਅਤੇ ਭਾਈਚਾਰੇ ਦੇ ਮਾਹੌਲ ਵਿੱਚ ਮਨਾਇਆ ਗਿਆ। ਕਾਲਜ ਰੰਗਾਂ, ਗੁਲਾਲ ਅਤੇ ਖੁਸ਼ੀਆਂ ਨਾਲ ਰੰਗਿਆ ਹੋਇਆ ਨਜ਼ਰ ਆਇਆ ਵਿਦਿਆਰਥੀਆਂ ਅਤੇ ਸਟਾਫ ਨੇ ਇੱਕ–ਦੂਜੇ ਨੂੰ ਰੰਗ ਲਗਾ ਕੇ ਪਿਆਰ ਅਤੇ ਸਾਂਝੇਪਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਕਾਲਜ ਦੇ ਚੇਅਰਮੈਨ ਸੀਏ ਵਰਿੰਦਰ ਮੋਹਨ ਸਿੰਘਲ ਆਪਣੀ ਧਰਮਪਤਨੀ ਮੀਨਾਕਸ਼ੀ ਸਿੰਘਲ ਸਮੇਤ ਸਮਾਗਮ ਵਿੱਚ ਸ਼ਾਮਲ ਹੋਏ। ਚੇਅਰਮੈਨ ਨੇ ਖੁਦ ਵਿਦਿਆਰਥੀਆਂ ਅਤੇ ਸਟਾਫ ਨੂੰ ਰੰਗ ਲਗਾ ਕੇ ਹੋਲੀ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਦਾ ਪਿਆਰ ਅਤੇ ਆਪਣਾਪਣ ਵੇਖ ਕੇ ਵਿਦਿਆਰਥੀਆਂ ਦਾ ਉਤਸ਼ਾਹ ਹੋਰ ਵੀ ਵਧ ਗਿਆ। ਉਨ੍ਹਾਂ ਕਿਹਾ ਕਿ ਹੋਲੀ ਸਿਰਫ਼ ਰੰਗਾਂ ਦਾ ਹੀ ਨਹੀਂ, ਸਗੋਂ ਦਿਲਾਂ ਨੂੰ ਜੋੜਨ ਵਾਲਾ ਤਿਉਹਾਰ ਹੈ, ਜੋ ਜੀਵਨ ਵਿੱਚ ਨਵੀਂ ਊਰਜਾ ਅਤੇ ਸਕਾਰਾਤਮਕਤਾ ਭਰਦਾ ਹੈ। ਜਾਇੰਟ ਚੇਅਰਮੈਨ ਸੀਏ ਗਗਨਦੀਪ ਸਿੰਘਲ ਵੀ ਆਪਣੀ ਪਤਨੀ ਨਵਿਤਾ ਸਿੰਘਲ ਸਮੇਤ ਮੌਜੂਦ ਰਹੇ। ਉਨ੍ਹਾਂ ਵਿਦਿਆਰਥੀਆਂ ਨੂੰ ਤਿਉਹਾਰ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਅਜੇਹੇ ਸਮਾਗਮ ਸੰਸਥਾ ਨੂੰ ਇੱਕ ਪਰਿਵਾਰ ਵਾਂਗ ਜੋੜਦੇ ਹਨ ਅਤੇ ਆਪਸੀ ਰਿਸ਼ਤਿਆਂ ਨੂੰ ਮਜ਼ਬੂਤ ਬਣਾਉਂਦੇ ਹਨ। ਇਸ ਮੌਕੇ ਜਾਇੰਟ ਚੇਅਰਮੈਨ ਸਮੀਰ ਮਿੱਤਲ ਵੀ ਮੌਜੂਦ ਰਹੇ ਅਤੇ ਉਨ੍ਹਾਂ ਨੇ ਵੀ ਸਭ ਨੂੰ ਹੋਲੀ ਦੀਆਂ ਮੁਬਾਰਕਾਂ ਦਿੱਤੀਆਂ। ਕਾਲਜ ਦੇ ਵਾਈਸ ਪ੍ਰਿੰਸੀਪਲ ਡਾ: ਗੌਰਵ ਗੋਇਲ ਨੇ ਸਭ ਨੂੰ ਸੁਰੱਖਿਅਤ ਅਤੇ ਮਰਿਆਦਿਤ ਢੰਗ ਨਾਲ ਹੋਲੀ ਮਨਾਉਣ ਦਾ ਸੰਦੇਸ਼ ਦਿੱਤਾ। ਸਮਾਗਮ ਦੌਰਾਨ ਡੀਜੇ ਦੀਆਂ ਧੁਨਾਂ 'ਤੇ ਵਿਦਿਆਰਥੀਆਂ ਅਤੇ ਸਟਾਫ ਨੇ ਖੂਬ ਨੱਚ ਕੇ ਮੌਜ ਮਸਤੀਆਂ ਕੀਤੀਆਂ। ਪੂਰੇ ਪਰਿਸਰ ਵਿੱਚ ਖੁਸ਼ੀ ਅਤੇ ਉਤਸਵ ਦਾ ਮਾਹੌਲ ਬਣਿਆ ਰਿਹਾ। ਇਸਦੇ ਨਾਲ ਹੀ ਸਭ ਲਈ ਸੁਆਦਿਸ਼ਟ ਖਾਣੇ ਦੀ ਵੀ ਵਿਸ਼ੇਸ਼ ਵਿਵਸਥਾ ਕੀਤੀ ਗਈ, ਜਿਸਦਾ ਸਭ ਨੇ ਲੁਤਫ਼ ਉਠਾਇਆ। ਸਮੂਹ ਪ੍ਰੋਗਰਾਮ ਬਹੁਤ ਹੀ ਕਾਮਯਾਬ ਅਤੇ ਯਾਦਗਾਰ ਰਿਹਾ। ਰੰਗਾਂ, ਸੰਗੀਤ ਅਤੇ ਪਿਆਰ ਨਾਲ ਸਜਿਆ ਇਹ ਸ਼ਾਨਦਾਰ ਸਮਾਗਮ ਇਸ ਗੱਲ ਦਾ ਪ੍ਰਮਾਣ ਸੀ ਕਿ ਜੇਨੇਸਿਸ ਡੈਂਟਲ ਕਾਲਜ ਸਿਰਫ਼ ਸਿੱਖਿਆ ਦਾ ਕੇਂਦਰ ਹੀ ਨਹੀਂ, ਸਗੋਂ ਸੰਸਕਾਰ, ਉਤਸ਼ਾਹ ਅਤੇ ਇਕਤਾ ਦਾ ਪ੍ਰਤੀਕ ਵੀ ਹੈ। ਸਮਾਗਮ ਦੇ ਅੰਤ ਵਿੱਚ ਸਭ ਦੇ ਚਿਹਰਿਆਂ 'ਤੇ ਖੁਸ਼ੀ ਅਤੇ ਸੰਤੁਸ਼ਟੀ ਸਾਫ਼ ਨਜ਼ਰ ਆ ਰਹੀ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਰੋਟਰੀ ਕਲੱਬ ਫ਼ਿਰੋਜ਼ਪੁਰ ਨੇ ਬਿਰਧ ਆਸ਼ਰਮ ਵਿਖੇ ਲਾਇਆ ਮੁਫਤ ਚੈਕਅਪ ਕੈਂਪ




ਫ਼ਿਰੋਜ਼ਪੁਰ, 05 ਮਾਰਚ (ਮਨੋਹਰ ਲਾਲ) :– ਅੱਜ ਰੋਟਰੀ ਕਲੱਬ ਫਿਰੋਜਪੁਰ ਵੱਲੋਂ ਆਪਣੇ ਸਮਾਜਿਕ ਕਾਰਜਾਂ ਨੂੰ ਅੱਗੇ ਵਧਾਉਂਦੇ ਹੋਏ ਤੇ ਬਜ਼ੁਰਗਾਂ ਪ੍ਰਤੀ ਦਿਆਲਤਾ ਵਿਖਾਉਦੇ ਹੋਏ ਪ੍ਰਧਾਨ ਕਿਰਪਾਲ ਸਿੰਘ ਮਕੜ ਦੀ ਰਹਿਨੁਮਾਈ ਹੇਠ ਬਿਰਧ ਆਸ਼ਰਮ ਰਾਮ ਬਾਗ ਫਿਰੋਜਪੁਰ ਛਾਉਣੀ ਵਿਖੇ ਫਰੀ ਮੈਡੀਕਲ ਚੈਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਡਾਕਟਰ ਜਸਮੀਤ ਸਿੰਘ ਮਕੜ ਦੀਪ ਕਲੀਨਿਕ ਫਿਰੋਜਪੁਰ ਵਲੋਂ ਲਗਭਗ 40 ਬਜ਼ੁਰਗਾਂ ਦਾ ਮੈਡੀਕਲ ਚੈਕਅਪ ਕੀਤਾ ਅਤੇ ਦਵਾਈਆਂ ਵੰਡੀਆਂ। ਇਸ ਮੌਕੇ ਸਾਰੇ ਬਜ਼ੁਰਗਾਂ ਦਾ ਬਲੱਡ ਪ੍ਰੈਸ਼ਰ ਤੇ ਬਲੱਡ ਟੈਸਟ ਕੀਤੇ ਗਏ ਤਾਂ ਕਿ ਕਿਸੇ ਆਉਣ ਵਾਲੀ ਗੰਭੀਰ ਬੀਮਾਰੀ ਦਾ ਪਤਾ ਲਗਾਇਆ ਜਾ ਸਕੇ। ਪ੍ਰੋਜੇਕਟ ਚੇਅਰਮੈਨ ਡਾਕਟਰ ਸੁਰਿੰਦਰ ਸਿੰਘ ਕਪੂਰ ਨੇ ਦੱਸਿਆ ਕਿ ਅੱਗੇ ਵੀ ਇਨ੍ਹਾਂ ਬਜ਼ੁਰਗਾਂ ਦਾ ਚੈਕਅਪ ਕੀਤਾ ਜਾਵੇਗਾ। ਇਸ ਮੌਕੇ ਰੋਟਰੀ ਟੀਮ ਵਿੱਚ ਸਕੱਤਰ ਸੰਦੀਪ ਸਿੰਗਲਾਂ, ਕੈਸ਼ੀਅਰ ਦਿਨੇਸ਼ ਕਟਾਰੀਆ, ਅਜੈ ਬਜਾਜ, ਪਰਦੀਪ ਬਿੰਦਰਾ, ਸੰਜੀਵ ਕੁਮਾਰ, ਨਰੇਸ਼ ਮੁੰਜਾਲ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਈਜੀ ਰਜਿਸਟਰੀਆਂ ਬਣੀਆਂ ਲੋਕਾਂ ਦੀ ਖੱਜਲ ਖੁਆਰੀ—ਭੁੱਲਰ



ਫ਼ਿਰੋਜ਼ਪੁਰ, 05 ਮਾਰਚ (ਮਨੋਹਰ ਲਾਲ) :– ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਗੁਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋ ਈਜੀ ਰਜਿਸਟਰੀਆਂ ਕਰਨ ਕਰਕੇ ਲੋਕਾਂ ਨੂੰ ਸਹੂਲਤਾਂ ਦੀ ਜਗ੍ਹਾ ਖੱਜਲ ਖੁਆਰੀ ਦੇ ਰਾਹ ਪਾ ਦਿੱਤਾ। ਜਿਹੜੀ ਰਜਿਸਟਰੀ ਲੋਕ ਰੋਜ ਆ ਕੇ ਇੱਕ ਘੰਟੇ ਵਿੱਚ ਕਰਾ ਕੇ ਜਾਂਦੇ ਸਨ ਪਰ ਅੱਜ ਪਹਿਲਾਂ ਲੋਕ ਕੱਚੀ ਰਜਿਸਟਰੀ ਲਿਖਾ ਕੇ ਕੰਪਿਊਟਰ ਰਾਹੀ ਅਪਲੋਡ ਕਰਕੇ ਤਹਿਸੀਲਦਾਰ ਨੂੰ ਭੇਜੀ ਜਾਂਦੀ ਹੈ, ਉਸ ਤੋਂ ਬਾਅਦ ਤਹਿਸੀਲਦਾਰ ਨੇ ਅਪਰੂਵਡ ਕਰਕੇ ਵਾਪਿਸ ਭੇਜਣੀ ਹੁੰਦੀ ਹੈ ਜੋ ਕਿ ਸਰਕਾਰ ਵੱਲੋਂ 48 ਘੰਟੇ ਦੇ ਅੰਦਰ—ਅੰਦਰ ਵਾਪਿਸ ਭੇਜਣੀ ਹੁੰਦੀ ਹੈ, ਪਰ ਜੇਕਰ ਰਜਿਸਟਰੀ ਵਿੱਚ ਕੋਈ ਨੁਕਸ ਨਿਕਲ ਆਵੇ ਤਾਂ ਉਹ ਰਜਿਸਟਰੀ ਤਹਿਸੀਲਦਾਰ ਵਾਪਸ ਭੇਜ ਦਿੰਦੇ ਹਨ ਅਤੇ ਦੁਬਾਰਾ ਫਿਰ ਲਿਖਾਰੀ ਰਜਿਸਟਰੀ ਸਹੀ ਕਰਕੇ ਤਹਿਸੀਲਦਾਰ ਨੂੰ ਭੇਜਦਾ ਹੈ ਅਤੇ 48 ਘੰਟੇ ਵਿੱਚ ਫਿਰ ਅਪਰੂਵਡ ਹੁੰਦੀ ਹੈ। ਇਸ ਤਰ੍ਹਾਂ ਰਿਸਵਤਖੋਰੀ ਵੀ ਵਧੀ ਹੈ ਅਤੇ ਲੋਕਾਂ ਦੀ ਖੱਜਲ ਖੁਆਰੀ ਵੀ ਹੋ ਰਹੀ ਹੈ। ਗੱਲਬਾਤ ਕਰਦਿਆਂ ਸ੍ਰੀ ਭੁੱਲਰ ਨੇ ਕਿਹਾ ਕਿ ਕਈ ਵਾਰ ਬਾਇਆ ਰਜਿਸਟਰੀ ਲਿਖਣ ਸਮੇਂ ਰਕਮ ਖਰੀਦਦਾਰ ਤੋਂ ਲੈ ਲੈਂਦਾ ਹੈ ਤੇ ਰਜਿਸਟਰੀ ਕੱਚੀ ਅਪਰੂਵਡ ਵਾਸਤੇ ਤਹਿਸੀਲਦਾਰ ਨੂੰ ਭੇਜ ਦਿੰਦਾ ਹੈ ਪਰ ਜਿੰਨੇ ਚਿਰ ਨੂੰ ਰਜਿਸਟਰੀ ਅਪਰੂਵਡ ਹੋ ਜਾਂਦੀ ਹੈ ਤਾਂ ਬਾਇਆ ਨਹੀਂ ਆਉਦਾ ਜਿਸ ਨਾਲ ਝਗੜੇ ਹੋ ਜਾਂਦੇ ਹਨ। ਜੇਕਰ ਤਹਿਸੀਲਦਾਰ ਨਾ ਆਵੇ ਜਾਂ ਕਿਸੇ ਸਰਕਾਰੀ ਕੰਮ ਜਾਂ ਕਿਸੇ ਰੈਲੀ ਤੇ ਡਿਊਟੀ ਲੱਗ ਜਾਵੇ ਤਾਂ ਫਿਰ ਲੋਕਾਂ ਦੀ ਖੱਜਲ ਖੁਆਰੀ। ਪਹਿਲਾਂ ਨਾਲੋ ਨਾਲ ਰਜਿਸਟਰੀ ਹੋ ਜਾਦੀ ਸੀ ਤੇ ਝਗੜੇ ਵੀ ਬਹੁਤ ਘੱਟ ਹੁੰਦੇ ਸਨ। ਈਜੀ ਰਜਿਸਟਰੀਆਂ ਨਾਲ ਖੱਜਲ ਖੁਆਰੀ ਤਾਂ ਵਧੀ ਹੈ ਨਾਲ ਰਿਸ਼ਵਤ ਖੋਰੀ ਭ੍ਰਿਸਟਾਚਾਰ ਵੀ ਵਧਿਆ ਹੈ, ਇਸ ਲਈ ਸਰਕਾਰ ਨੂੰ ਈਜੀ ਰਜਿਸਟਰੀਆਂ ਬੰਦ ਕਰਕੇ ਪਹਿਲਾਂ ਦੀ ਤਰ੍ਹਾਂ ਕੀਤੀਆਂ ਜਾਣ ਤੇ ਲੋਕਾਂ ਦੀ ਹੋ ਰਹੀ ਖੱਜਲ ਖੁਆਰੀ ਬੰਦ ਕਰਾਈ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

## ਵੱਖ-ਵੱਖ ਸ਼ਖਸ਼ੀਅਤਾਂ ਵਲੋਂ ਮਲਕੀਤ ਸਿੰਘ ਰੱਖੜੀ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ



ਫ਼ਿਰੋਜ਼ਪੁਰ, 05 ਮਾਰਚ (ਮਨੋਹਰ ਲਾਲ) :– ਪਿੰਡ ਖੁ.ਸ਼ਹਾਲ ਸਿੰਘ ਵਾਲਾ (ਰੱਖੜੀ) ਦੇ ਸਮਾਜ ਸੇਵੀ ਅਤੇ ਡੀਪੂ ਹੋਲਡਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਰੱਖੜੀ ਦਾ ਪਿੱਛਲੇ ਦਿਨੀਂ ਅਚਾਨਕ ਦਿਹਾਂਤ ਹੋ ਗਿਆ ਸੀ। ਇਸ ਦੁੱਖ ਦੀ ਘੜੀ ਵਿਚ ਵੱਖ—ਵੱਖ ਸ਼ਖ਼ਸ਼ੀਅਤਾਂ ਵੱਲੋਂ ਮ੍ਰਿਤਕ ਮਲਕੀਤ ਸਿੰਘ ਦੇ ਪਰਿਵਾਰ ਅਤੇ ਪਿੰਡ ਰੱਖੜੀ ਦੇ ਸਾਬਕਾ ਸਰਪੰਚ ਅਮਨ ਰੱਖੜੀ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਦੁੱਖ ਦੀ ਘੜੀ ਵਿਚ ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ, ਬਿੱਟੂ ਸੰਘਾ, ਬਲਵੀਰ ਸਿੰਘ ਬਾਠ, ਸੁਖਵਿੰਦਰ ਅਟਾਰੀ, ਰਿੰਕੂ ਗਰੋਵਰ, ਪਿੰਕਾ ਨਾਗਪਾਲ, ਏਡੀਏ ਬਲਜੀਤ ਸਿੰਘ ਕੰਬੋਜ਼, ਐਸਜੀਪੀਸੀ ਮੈਂਬਰ ਦਰਸ਼ਨ ਸਿੰਘ ਸ਼ੇਰ ਖਾਂ, ਵੇਰਕਾ ਦੇ ਡਾਇਰੈਕਟਰ ਗੁਰਭੇਜ ਸਿੰਘ ਟਿੱਬੀ, ਜ਼ਿਲ੍ਹਾ ਫਿਰੋਜ਼ਪੁਰ ਦੇ ਸਮੂਹ ਡਿਪੂ ਹੋਲਡਰਜ਼ ਅਤੇ ਡਾਕਟਰੀ ਦੇ ਕਿੱਤੇ ਨਾਲ ਜੁੜੇ ਹੋਏ ਲੋਕਾਂ ਤੋਂ ਇਲਾਵਾ ਸਮਾਜਿਕ, ਧਾਰਮਿਕ ਅਤੇ ਸਮਾਜ ਸੇਵੀ ਜਥੇਬੰਦੀਆਂ ਦੇ ਆਗੂਆਂ ਵੱਲੋਂ ਵੱਡੀ ਗਿਣਤੀ ਵਿਚ ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਦੱਸ ਦਈਏ ਕਿ ਮਲਕੀਤ ਸਿੰਘ ਆਪਣੇ ਪਿੱਛੇ ਮਾਂ, ਪਤਨੀ, ਇਕ ਧੀ ਅਤੇ ਇਕ ਪੁੱਤਰ ਛੱਡ ਗਏ ਹਨ। ਮਲਕੀਤ ਸਿੰਘ ਦਾ ਭੋਗ ਅਤੇ ਅੰਤਿਮ ਅਰਦਾਸ ਸ਼ੁੱਕਰਵਾਰ 6 ਮਾਰਚ ਨੂੰ ਗੁਰੂਦੁਆਰਾ ਬਾਬਾ ਰਾਮ ਲਾਲ ਵਿਖੇ ਦੁਪਹਿਰ 12 ਤੋਂ ਇਕ ਵਜੇ ਤੱਕ ਕਰਵਾਈ ਜਾਵੇਗੀ।

ਅੰਬੈਸਡਰ ਫਾਰ ਪੀਸ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਦੇ ਧਾਰਮਿਕ ਦੀਵਾਨ ਕਾਰ ਸੇਵਾ ਸੰਪਰਦਾਇ ਸਰਹਾਲੀ ਸਾਹਿਬ ਵਾਲੇ ਸੰਤ ਬਾਬਾ ਹਾਕਮ ਸਿੰਘ ਜੀ ਸੰਤ ਬਾਬਾ ਸੁੱਖਾ ਸਿੰਘ ਜੀ ਦੇ ਉਪਰਾਲੇ ਸਦਕਾ

# ਮਹਾਨ "ਹੋਲਾ ਮਹੱਲਾ ਸਮਾਗਮ'' ਗੁਰਦੁਆਰਾ ਭਾਈ ਬਾਲਾ ਜੀ ਬੰਗਲਾ ਪੰਡੋਰਾ ਸ਼ਿਵਪੁਰੀ ਨੇੜੇ ਗਵਾਲੀਅਰ ਮੱਧ ਪ੍ਰਦੇਸ਼ ਵਿਖੇ ਯਾਦਗਾਰੀ ਹੋ ਨਿਬੜੇ











ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਕ੍ਰਿਪਾਣ ਪਾਣ ਜੋ ਜਪੈ॥ ਅਨੰਤ ਥਾਟ ਤੇ ਥਪੈ॥
ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ
ਸਾਬਕਾ ਪ੍ਰਧਾਨ ਅਤੇ ਸਿੱਖ ਪੰਥ ਦੇ
ਕੌਮੀ ਸ਼ਹੀਦ ਭਾਈ ਅਮਰੀਕ ਸਿੰਘ ਜੀ
ਦੇ ਜਨਮ ਦਿਹਾੜੇ
6 ਮਾਰਚ 2026 ਨੂੰ
ਉਹਨਾਂ ਦੇ ਜੱਦੀ ਪਿੰਡ ਭੂਰਾ ਕੋਹਨਾ ਵਿਖੇ ਹੋ ਰਹੇ
ਆਵਾਜ਼ਿ ਕੌਮ AWAZE QAUM International Newspaper & WEB TV
ਪੰਥਕ ਇਕੱਠ
ਵਿੱਚ ਸਮੂਹ ਸੰਗਤਾਂ ਨੂੰ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।
ਸੰਗਤਾਂ ਦੇ ਦਰਸ਼ਨ ਕਰਨ ਲਈ
ਗਿਆਨੀ ਹਰਪ੍ਰੀਤ ਸਿੰਘ ਜੀ
ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।
ਪਿੰਡ ਭੂਰਾ ਕੋਹਨਾ (ਨੇੜੇ ਖੇਮਕਰਨ)
ਬੀਬੀ ਸਤਵੰਤ ਕੌਰ
ਸਪੁੱਤਰੀ ਸ਼ਹੀਦ ਭਾਈ ਅਮਰੀਕ ਸਿੰਘ ਜੀ
ਚੇਅਰਪਰਸਨ ਪੰਥਕ ਕੌਂਸਲ
ਵੱਲੋਂ - ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ।
ਗਿਆਨੀ ਹਰਪ੍ਰੀਤ ਸਿੰਘ
ਪ੍ਰਧਾਨ ਸ਼੍ਰੋਮਣੀ ਅਕਾਲੀ ਦਲ 'ਪੁਨਰ ਸੁਰਜੀਤ'

## ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ

# "ਹੋਲਾ ਮਹੱਲਾ" ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ:ਡਾ: ਵਿਜੇ ਸਤਬੀਰ ਸਿੰਘ ਜੀ ਆਈ ਏ ਐਸ (ਰਿਟਾ)



ਚੌਕ ਮਹਿਤਾ,4 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ ) ਹਰ ਸਾਲ ਦੀ ਤਰ੍ਹਾਂ, ਇਸ ਸਾਲ ਵੀ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਵਿਖੇ "ਹੋਲਾ ਮਹੱਲਾ" ਬੜੇ ਹੀ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ। ਗੁਰਦੁਆਰਾ ਸੱਚਖੰਡ ਬੋਰਡ, ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ ਨੇ ਕਿਹਾ ਕਿ ਹੋਲੇ ਮਹੱਲੇ ਦੇ ਮੌਕੇ'ਤੇ ਦੁਨੀਆ ਭਰ ਦੇ ਸ਼ਰਧਾਲੂਆਂ ਨੇ ਤਖ਼ਤ ਸਾਹਿਬ ਵਿਖੇ ਗੁਰੂ ਜੀ ਦੇ ਦਰਸ਼ਨ ਕੀਤੇ ਅਤੇ ਗੁਰੂ ਜੀ ਪ੍ਰਤੀ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ

'ਹੋਲਾ ਮਹੱਲਾ' ਦਸਵੇਂ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਲਗਭਗ 1700 ਈਸਵੀ ਵਿੱਚ ਸ਼੍ਰੀ ਆਨੰਦਪੁਰ ਸਾਹਿਬ ਵਿਖੇ ਸ਼ੁਰੂ ਕੀਤਾ। 'ਹੋਲਾ' ਸ਼ਬਦ ਅਰਬੀ ਸ਼ਬਦ 'ਹੁਲ' ਤੋਂ ਆਇਆ ਹੈ। 'ਹੁਲ' ਸ਼ਬਦ ਦਾ ਅਰਥ ਹੈ 'ਚੰਗੇ ਕੰਮਾਂ ਲਈ ਖੜ੍ਹੇ ਹੋਣਾ ਅਤੇ ਜ਼ੁਲਮ ਵਿਰੁੱਧ ਨਿਡਰਤਾ ਨਾਲ ਲੜਨਾ'।

ਪੁਰਾਤਨ ਮਰਿਯਾਦਾ ਅਨੁਸਾਰ ਤਖ਼ਤ ਸਾਹਿਬ ਵਿੱਖੇ ਅਰਦਾਸ ਕਰਨ ਉਪਰੰਤ ਸਤਿਕਾਰਯੋਗ ਜੱਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਅਤੇ ਪੰਜ ਪਿਆਰੇ ਸਾਹਿਬਾਂਨ ਦੀ ਅਗਵਾਈ ਹੇਠ ਸ਼ਾਮ 4 ਵਜੇ "ਹੋਲਾ ਮਹੱਲਾ" ਆਰੰਭ ਹੋਇਆ। ਜਿਸ ਵਿੱਚ ਨਿਸ਼ਾਨਚੀ ਸਿੰਘ, ਗੁਰੂ ਮਹਾਰਾਜ ਦੇ ਸੋਨੇ ਅਤੇ ਚਾਂਦੀ ਦੀਆਂ ਕਾਠੀਆਂ ਪਹਿਨੇ ਘੋੜੇ, ਕੀਰਤਨੀ ਮੰਡਲ, ਗਤਕਾ, ਬੈਂਡ ਪਾਰਟੀ ਅਤੇ ਦੇਸ਼ ਵਿਦੇਸ਼ ਤੋਂ ਆਏ ਸ਼ਰਧਾਲੂਆਂ ਨੇ ਹਿੱਸਾ ਲਿਆ। "ਖਾਲਸਾ ਹੱਲਾ ਬੋਲ ਚੌਕ" ਤੋਂ ਪੁਰਾਤਨ ਮਰਿਯਾਦਾ ਅਨੁਸਾਰ "ਹੱਲਾ" ਕੀਤਾ ਗਿਆ। ਇਹ ਵਿਲੱਖਣ ਸ਼ੈਲੀ ਸਾਨੂੰ ਪੁਰਾਤਨ ਸਮੇਂ ਵਿੱਚ ਖਾਲਸੇ ਯੋਧਿਆਂ ਦੁਆਰਾ ਲੜੇ ਗਏ ਯੁੱਧਾਂ ਦੀ ਯਾਦ ਦਿਵਾਉਂਦੀ ਹੈ। ਇਸ ਤੋਂ ਬਾਅਦ ਮਹੱਲਾ ਗੁਰਦੁਆਰਾ ਬਾਉਲੀ ਦਮਦਮਾ ਸਾਹਿਬ ਹੁੰਦਾ ਹੋਇਆ ਬਾਫਨਾ ਚੌਕ, ਸ਼ਹੀਦ ਭਗਤ ਸਿੰਘ ਰੋਡ, ਅਬਿਚਲਨਗਰ, ਮੋਢਾ ਤੋਂ ਗੁਰਦੁਆਰਾ ਨਗੀਨਾਘਾਟ ਸਾਹਿਬ ਪਹੁੰਚਦਾ ਹੈ। ਨਗੀਨਾਘਾਟ ਸਾਹਿਬ ਵਿਖੇ ਗੁਰਬਾਣੀ ਕੀਰਤਨ ਉਪਰੰਤ ਰਾਤ 10 ਵਜੇ ਤਖ਼ਤ ਸਾਹਿਬ ਵਿਖੇ ਸਮਾਪਤ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

ਦੇਸ਼-ਵਿਦੇਸ਼ ਤੋਂ ਪਹੁੰਚੇ ਸ਼ਰਧਾਲੂਆਂ ਲਈ ਲੰਗਰ, ਰਿਹਾਇਸ਼, ਮੇਡੀਕਲ, ਰੇਲਵੇ ਸਟੇਸ਼ਨ ਅਤੇ ਹਵਾਈ ਅੱਡੇ ਤੋਂ ਆਉਣ-ਜਾਣ ਦੀ ਸਹੂਲਤ ਗੁਰਦੁਆਰਾ ਸੱਚਖੰਡ ਬੋਰਡ ਦੇ ਮੁੱਖ ਪ੍ਰਬੰਧਕ ਡਾ: ਵਿਜੇ ਸਤਬੀਰ ਸਿੰਘ ਜੀ ਦੇ ਮਾਰਗਦਰਸ਼ਨ ਅਤੇ ਵਿਸ਼ੇਸ਼ ਨਿਰਦੇਸ਼ਾਂ ਅਨੁਸਾਰ ਆਉਣ ਵਾਲੀਆਂ ਸੰਗਤਾਂ ਦੀਆਂ ਸਹੂਲਤਾਂ ਨੂੰ ਤਰਜੀਹ ਦਿੱਤੀ ਜਾਵੇ। ਨਾਲ ਹੀ, ਪ੍ਰਸ਼ਾਸਨ ਵੱਲੋਂ ਸ਼ਰਧਾਲੂਆਂ ਲਈ 24 ਘੰਟੇ ਪੂਰੀ ਸੇਵਾ ਪ੍ਰਦਾਨ ਕੀਤੀ ਜਾ ਰਹੀ ਹੈ

ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ ਅਤੇ ਸ੍ਰ. ਜਸਵੰਤ ਸਿੰਘ ਬੌਬੀ ਦੁਆਰਾ "ਹੋਲਾ ਮੁਹੱਲਾ" ਲਈ ਦੇਸ਼- ਵਿਦੇਸ਼ ਤੋਂ ਪੁੱਜੀਆਂ ਸੰਗਤਾਂ, ਸੰਤ ਮਹਾਂਪੁਰਖ ਅਤੇ ਸਾਧ ਸੰਗਤ ਦਾ ਧੰਨਵਾਦ ਕਰਦਿਆਂ "ਹੋਲਾ ਮੁਹੱਲਾ" ਦਿਆਂ ਵਧਾਈਆਂ ਦਿਤੀਆਂ ਗਈਆਂ।

## ਸੀਨੀਅਰ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਵਰਕਰਾਂ ਸਮੇਤ ਰਾਜਾ ਵੜਿੰਗ ਨਾਲ ਮੀਟਿੰਗ

# ਹਲਕੇ ਦੀਆਂ ਗਤੀਵਿਧੀਆਂ ਸਬੰਧੀ ਵਿਚਾਰ ਵਟਾਂਦਰਾ

ਤਲਵੰਡੀ ਸਾਬੋ, 5 ਮਾਰਚ (ਗੁਰਜੰਟ ਸਿੰਘ ਨਥੇਹਾ)- ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਆਪਣੇ ਹਲਕੇ ਦੇ ਕਾਂਗਰਸੀ ਵਰਕਰਾਂ ਸਮੇਤ ਕਾਂਗਰਸ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਉਨ੍ਹਾਂ ਦੀ ਰਿਹਾਇਸ਼ ਤੇ ਇੱਕ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਆਪਣੇ ਹਲਕੇ ਦੀਆਂ ਗਤੀਵਿਧੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਪ੍ਰਧਾਨ ਰਾਜਾ ਵੜਿੰਗ ਵੱਲੋਂ ਪਾਰਟੀ ਦੀਆਂ ਗਤੀਵਿਧੀਆਂ ਨੂੰ ਲੈ ਕੇ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਲਗਾਈਆਂ ਗਈਆਂ। ਪ੍ਰੈਸ ਨਾਲ ਗੱਲਬਾਤ ਕਰਦਿਆਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਲੋਕ ਹਿੱਤ ਮਸਲਿਆਂ ਸਬੰਧੀ ਆਵਾਜ਼ ਨੂੰ ਹੋਰ ਵੀ ਬੁਲੰਦ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਨਰੇਗਾ ਸਕੀਮ ਨੂੰ ਬੰਦ ਕਰਨ ਦਾ ਫੈਸਲਾ ਕਾਂਗਰਸ ਕਦੀ ਵੀ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਆਮ ਆਦਮੀ ਪਾਰਟੀ



ਦੀ ਸਰਕਾਰ ਵੱਲੋਂ ਮਹਿਲਾਵਾਂ ਨੂੰ ਇੱਕ-ਇੱਕ ਹਜ਼ਾਰ ਰੁਪਏ ਦੇ ਕੀਤੇ ਵਾਅਦੇ ਦੀ ਗੱਲ ਕਰਦਿਆਂ ਕਿਹਾ ਕਿ ਵਾਅਦੇ ਅਨੁਸਾਰ ਮਹਿਲਾਵਾਂ ਦੇ ਹੁਣ ਤੱਕ 48 ਹਜ਼ਾਰ ਰੁਪਏ ਬਣ ਗਏ ਹਨ ਜੋ ਕਿ ਉਨ੍ਹਾਂ ਦੇ ਖਾਤੇ ਪਾਏ ਜਾਣ।ਉਨ੍ਹਾਂ ਨਸ਼ਿਆਂ ਪ੍ਰਤੀ ਗੱਲ ਕਰਦਿਆਂ ਕਿਹਾ ਕਿ ਅਜੇ ਵੀ ਸੂਬੇ ਅੰਦਰ ਨਸ਼ਾ ਖਤਮ ਨਹੀਂ ਹੋਇਆ ਹੈ, ਨਸ਼ਿਆਂ ਨਾਲ ਲਗਾਤਾਰ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ ਜੋ ਕਿ ਗੰਭੀਰ ਚਿੰਤਾ ਦਾ ਵਿਸ਼ਾ ਹੈ।ਇਸ ਮੌਕੇ ਉਨ੍ਹਾਂ ਨਾਲ ਰਾਮ ਕੁਮਾਰ ਸਾਬਕਾ ਸਰਪੰਚ, ਰਾਜਾ ਸਿੰਘ ਸਾਬਕਾ ਜਿਲਾ ਪ੍ਰੀਸ਼ਦ ਮੈਂਬਰ, ਮੇਜਰ ਸਿੰਘ ਜਗਾ ਰਾਮ ਤੀਰਥ, ਮਨਪ੍ਰੀਤ ਸਿੰਘ ਤਲਵੰਡੀ ਸਾਹਿਬ, ਖੁਸ਼ਦੀਪ ਸਿੰਘ ਤਲਵੰਡੀ ਸਾਬੋ, ਬਲਦੀਪ ਸਿੰਘ ਤਲਵੰਡੀ ਸਾਬੋ, ਗੈਰੀ ਲਹਿਰੀ, ਜੱਸੀ ਤਲਵੰਡੀ ਸਾਬੋ, ਬੱਬੂ ਭਾਗੀਵਾਂਦਰ, ਵਿਕਾਸ ਤਲਵੰਡੀ ਸਾਬੋ ਸੋਸ਼ਲ ਮੀਡੀਆ ਜਨਰਲ ਸਕੱਤਰ ਪੰਜਾਬ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

## ਬਲਾਕ ਸੰਮਤੀ ਜੰਡਿਆਲਾ ਗੁਰੂ ਚੇਅਰਮੈਨ ਤੇ ਵਾਇਸ ਚੇਅਰਮੈਨ ਦੀ ਸਰਬਸੰਮਤੀ ਨਾਲ ਹੋਈ ਚੋਣ ਅਮਰੀਕ ਸਿੰਘ ਸੋਢੀ ਚੇਅਰਮੈਨ ਅਤੇ ਰਵਿੰਦਰ ਸਿੰਘ ਵਾਈਸ ਚੇਅਰਮੈਨ ਬਣੇ

# ਕੈਬਿਨਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਦਿੱਤੀ ਵਧਾਈ



**ਜੰਡਿਆਲਾ ਗੁਰੂ 5 ਮਾਰਚ ( ਕੁਲਵੰਤ ਸਿੰਘ ਵਿਰਦੀ )** - ਜੰਡਿਆਲਾ ਗੁਰੂ ਦੇ ਬੀ.ਡੀ.ਪੀ.ਓ ਦਫ਼ਤਰ ਵਿਖੇ ਅੱਜ ਬਲਾਕ ਸੰਮਤੀ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਹੋਈ ਜਿਸ ਵਿੱਚ ਸਰਬਸੰਮਤੀ ਨਾਲ ਸ. ਅਮਰੀਕ ਸਿੰਘ ਸੋਢੀ ਦੇਵੀਦਾਸਪੁਰਾ ਨੂੰ ਚੇਅਰਮੈਨ ਅਤੇ ਸ. ਰਵਿੰਦਰ ਸਿੰਘ ਨੂੰ ਵਾਈਸ ਚੇਅਰਮੈਨ ਚੁਣ ਲਿਆ ਗਿਆ। ਦੱਸਣਯੋਗ ਹੈ ਕਿ ਜੰਡਿਆਲਾ ਗੁਰੂ ਬਲਾਕ ਸੰਮਤੀ ਦੇ ਕੁਲ 25 ਮੈਂਬਰ ਸਨ ਅਤੇ ਜਿਸ ਵਿੱਚੋਂ 21 ਬਲਾਕ ਸੰਮਤੀ ਦੇ ਮੈਂਬਰ ਆਮ ਆਦਮੀ ਪਾਰਟੀ ਦੇ ਚੁਣੇ ਗਏ ਸਨ। ਇਸ ਮੌਕੇ ਕੈਬਿਨਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ ਨੇ ਬਲਾਕ ਸੰਮਤੀ ਜੰਡਿਆਲਾ ਗੁਰੂ ਦੇ ਨਵੇਂ ਚੁਣੇ ਗਏ ਚੇਅਰਮੈਨ ਸ. ਅਮਰੀਕ ਸਿੰਘ ਸੋਢੀ ਦੇਵੀਦਾਸਪੁਰਾ ਅਤੇ ਵਾਈਸ ਚੇਅਰਮੈਨ ਸ. ਰਵਿੰਦਰ ਸਿੰਘ ਨੂੰ ਵਧਾਈ ਦਿੰਦੇ ਕਿਹਾ ਕਿ ਬਲਾਕ ਸੰਮਤੀ ਦੀਆਂ ਚੋਣਾਂ ਵਿਚ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਵੱਡਾ ਬਹੁਮੱਤ ਦਿੱਤਾ ਸੀ ਅਤੇ ਇਹ ਜਿੱਤ ਆਮ ਲੋਕਾਂ ਦੀ ਜਿੱਤ ਸੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਆਪਣੇ 4 ਸਾਲ ਦੇ ਕਾਰਜਕਾਲ ਦੌਰਾਨ ਲੋਕਾਂ ਨਾਲ ਕੀਤੀਆਂ ਸਾਰੀਆਂ ਗਾਰੰਟੀਆਂ ਨੂੰ ਪੂਰਾ ਕੀਤਾ ਹੈ। ਉਨਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਜਲਦ ਹੀ ਆਪਣੀਆਂ ਮਤਾਵਾਂ-ਭੈਣਾਂ ਨੂੰ 1000-1000 ਰੁਪਏ ਦੇਣ ਦਾ ਵਾਅਦਾ ਵੀ ਪੂਰਾ ਕੀਤਾ ਜਾ ਰਿਹਾ ਹੈ। ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮਾਨ ਸਰਕਾਰ ਸੂਬੇ ਵਿੱਚ 45 ਹਜ਼ਾਰ ਕਿਲੋਮੀਟਰ ਸੜਕਾਂ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਓਦੋਂ ਤੋਂ ਹੀ ਮਾਨ ਸਰਕਾਰ ਦੇਸ਼ ਦੇ ਮਹਾਨ ਕੌਮੀ ਨਾਇਕਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਨਿਰੰਤਰ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਿਥੇ ਪਿਛਲੀਆਂ ਸਰਕਾਰਾਂ ਨੇ ਸਿੱਖਿਆ ਅਤੇ ਨੌਕਰੀਆਂ ਦਾ ਪੈਸਾ ਰੱਜ ਕੇ ਲੁੱਟਿਆ, ਉਥੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਨੌਜਵਾਨਾਂ ਲਈ ਸਰਕਾਰੀ ਨੌਕਰੀਆਂ ਦੇ ਦਰਵਾਜ਼ੇ ਖੋਲ੍ਹੇ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ 65000 ਤੋਂ ਵੱਧ ਤੋਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਕੈਬਿਨਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਸ਼ੁਰੂ ਕੀਤੀ ਹੈ, ਜੋ ਰਾਜ ਦਾ ਸਭ ਤੋਂ ਵੱਡਾ ਸਿਹਤ ਸੁਧਾਰ ਪ੍ਰੋਗਰਾਮ ਹੈ। ਉਨ੍ਹਾਂ ਕਿਹਾ ਕਿ ਹੁਣ ਹਰ ਪੰਜਾਬੀ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮਿਲੇਗਾ। ਉਨ੍ਹਾਂ ਨਾਲ ਹੀ ਕਿਹਾ ਕਿ ਪਹਿਲਾਂ ਇਹ ਸੀਮਾ 5 ਲੱਖ ਰੁਪਏ ਸੀ, ਜਿਸ ਨੂੰ ਹੁਣ ਦੁੱਗਣਾ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਬਣਾਈ ਗਈ ਇਸ ਯੋਜਨਾ ਦਾ ਲਾਭ ਲਗਭਗ 65 ਲੱਖ ਪਰਿਵਾਰਾਂ ਨੂੰ ਮਿਲੇਗਾ।ਇਸ ਮੌਕੇ ਬਲਾਕ ਸੰਮਤੀ ਜੰਡਿਆਲਾ ਗੁਰੂ ਦੇ ਸਰਵਸੰਮਤੀ ਨਾਲ ਚੁਣੇ ਗਏ ਚੇਅਰਮੈਨ ਸ. ਅਮਰੀਕ ਸਿੰਘ ਸੋਢੀ ਅਤੇ ਵਾਈਸ ਚੇਅਰਮੈਨ ਸ: ਰਵਿੰਦਰ ਸਿੰਘ ਨੇ ਇਕ ਸੁਰ ਵਿਚ ਪਾਰਟੀ ਦੇ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਜਿੰਮੇਵਾਰੀ ਸੌਂਪੀ ਹੈ ਉਹ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਹਿਲਕਦਮੀ ਪਿੰਡਾਂ ਦੇ ਵਿਕਾਸ ਵੱਲ ਹੋਵੇਗੀ ਅਤੇ ਪਿੰਡਾਂ ਦਾ ਸਰਵਪੱਖੀ ਵਿਕਾਸ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸੋਸ਼ਲ ਮੀਡੀਆ ਬਲਾਕ ਕੁਆਂਡੀਨੇਟਰ ਮੈਡਮ ਸਰਬਜੀਤ ਕੌਰ ਨੇ ਬਲਾਕ ਚੇਅਰਮੈਨ ਸੋਢੀ ਤੇ ਲੀਡਰਸ਼ਿਪ ਆਮ ਆਦਮੀ ਪਾਰਟੀ ਨੂੰ ਦਿੱਤੀ ਵਧਾਈ

## ਸ੍ਰ ਹਰਭਜਨ ਸਿੰਘ ਈ.ਟੀ.ਓ ਵੱਲੋਂ ਕੀਤੇ ਜਾ ਰਹੇ ਵਿਕਾਸ ਦੀ ਰਫਤਾਰ ਨੂੰ ਮਿਲੇਗੀ ਤੇਜੀ ਸ੍ਰ ਈ.ਟੀ.ਓ ਦਾ ਸਰਬਜੀਤ ਕੌਰ ਨੇ ਕਰਵਾਇਆ ਮੂੰਹ ਮਿੱਠਾ

ਜੰਡਿਆਲਾ ਗੁਰੂ 5 ਮਾਰਚ ( ਕੁਲਵੰਤ ਸਿੰਘ ਵਿਰਦੀ ) ਅੱਜ ਆਮ ਆਦਮੀ ਪਾਰਟੀ ਦੇ ਜੰਡਿਆਲਾ ਗੁਰੂ ਤੋਂ ਸੋਸ਼ਲ ਮੀਡੀਆ ਬਲਾਕ ਕੁਆਂਡੀਨੇਟਰ ਮੈਡਮ ਸਰਬਜੀਤ ਕੌਰ ਸੀਨੀਅਰ ਆਗੂ ਨੇ ਕਿਹਾ ਕਿ ਬਲਾਕ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ ਭਾਰੀ ਜਿੱਤ ਪ੍ਰਾਪਤ ਕੀਤੀ ਸੀ ਅਤੇ ਅੱਜ 5 ਮਾਰਚ ਨੂੰ ਬਲਾਕ ਜੰਡਿਆਲਾ ਗੁਰੂ ਵਿਖੇ ਚੇਅਰਮੈਨ ਦੀ ਚੋਣ ਕੀਤੀ ਗਈ ਜਿਸ ਵਿੱਚ ਅਮਰੀਕ ਸਿੰਘ ਸੋਢੀ ਭੁੱਲਰ ਦੇਵੀਦਾਸਪੁਰਾ ਨੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕੀਤੀ ਅਤੇ ਬਲਾਕ ਸੰਮਤੀ ਮੈਂਬਰਾਂ ਵੱਲੋਂ ਅਮਰੀਕ ਸਿੰਘ ਸੋਢੀ ਨੂੰ ਚੇਅਰਮੈਨ ਬਣਾਉਣ ਲਈ ਮੋਹਰ ਲਗਾਈ ਗਈ ਅਤੇ ਇਹ ਸਭ



ਕੁੱਝ ਹਲਕਾ ਜੰਡਿਆਲਾ ਗੁਰੂ ਦੇ ਪੜ੍ਹੇ ਲਿਖੇ ਅਤੇ ਸੂਝਵਾਨ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਦੀ ਮਿਹਨਤ ਸਦਕਾ ਹੋ ਰਿਹਾ ਹੈ ਕਿਉਂਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਅਤੇ ਆਮ ਆਦਮੀ ਪਾਰਟੀ ਵੱਲੋਂ ਹਰੇਕ ਵਰਕਰ ਆਗੂ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਂਦਾ ਹੈ ਅਤੇ ਅੱਜ ਇਸ ਖੁਸ਼ੀ ਦੇ ਮੌਕੇ ਤੇ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਵਧਾਈ ਦੀ ਪਾਤਰ ਹੈ ਜਿਸ ਨੇ ਪੰਜਾਬ ਵਿੱਚ ਆਮ ਘਰਾਂ ਤੋਂ ਉਮੀਦਵਾਰ ਖੜੇ ਹੋ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ ਸੀ ਅਤੇ 2027 ਵਿੱਚ ਵੀ ਭਾਰੀ ਬਹੁਮਤ ਨਾਲ ਸਰਕਾਰ ਬਣਾਵੇਗੀ ਅਤੇ ਮੈਂ ਆਮ ਆਦਮੀ ਪਾਰਟੀ ਦੇ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ, ਅਤੇ ਕੈਬਨਿਟ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਤੇ ਚੇਅਰਮੈਨ ਸ੍ਰ ਅਮਰੀਕ ਸਿੰਘ ਸੋਢੀ, ਵਾਈਸ ਚੇਅਰਮੈਨ ਰਵਿੰਦਰ ਸਿੰਘ ਅਤੇ ਸਮੂਹ ਲੀਡਰਸ਼ਿਪ ਨੂੰ ਵਧਾਈ ਦਿੰਦੀ ਹਾਂ ਅਤੇ ਉਮੀਦ ਕਰਦੀ ਹਾਂ ਕਿ ਪੰਜਾਬ ਦੇ ਵਿਕਾਸ ਵਿੱਚ ਹੋਰ ਤੇਜੀ ਆਵੇਗੀ !ਅਤੇ 2027 ਵਿੱਚ ਸਰਕਾਰ ਬਣਨ ਦੀ ਨੀਂਹ ਮਜਬੂਤ ਕੀਤੀ ਜਾਵੇਗੀ ! ਇਸ ਮੌਕੇ ਮੈਡਮ ਸਰਬਜੀਤ ਕੌਰ ਨੇ ਸ੍ਰ ਹਰਭਜਨ ਸਿੰਘ ਈ.ਟੀ.ਓ ਤੇ ਚੇਅਰਮੈਨ ਸ੍ਰ ਅਮਰੀਕ ਸਿੰਘ ਸੋਢੀ ਵਾਈਸ ਚੇਅਰਮੈਨ ਰਵਿੰਦਰ ਸਿੰਘ ਦਾ ਮੂੰਹ ਮਿੱਠਾ ਕਰਵਾਇਆ ਤੇ ਵਧਾਈ ਦਿੱਤੀ!

ਆਵਾਜ਼ਿ ਕੌਮ AWAZE QAUM International Newspaper & WEB TV

# ਤਵਾਰੀਖ ਬੱਬਰ ਖਾਲਸਾ ਭਾਗ ਚੌਥਾ ਜਰਮਨੀ 'ਚ ਰਿਲੀਜ



**ਨਵੀਂ ਦਿੱਲੀ 4 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਗੁਰੂ ਕਾਲ ਤੋ ਬਾਅਦ ਗੁਰੂ ਸਾਹਿਬਾਨਾਂ ਵੱਲੋਂ ਦਰਸਾਏ ਮਾਰਗ ਤੇ ਪਹਿਰਾ ਦਿੰਦਿਆਂ ਗੁਰ ਸਿੱਖਾਂ ਨੇ ਉਸ ਇਤਿਹਾਸ ਨੂੰ ਸਮੇਂ ਸਮੇਂ ਤੇ ਮੁੜ ਸਿਰਜਿਆ। ਪ੍ਰਾਚੀਨ ਸਮੇਂ ਚ ਸਿੱਖਾਂ ਇਤਹਾਸ ਤਾਂ ਸਿਰਜਿਆ ਪਰ ਸਿੱਖਾਂ ਦੇ ਠਿਕਾਣੇ ਜੰਗਲਾਂ ਜਾਂ ਘੋੜਿਆ ਦੀਆਂ ਕਾਠੀਆਂ ਤੇ ਹੀ ਰਹੇ। ਜਿਸ ਕਰਕੇ ਇਤਿਹਾਸ ਨੂੰ ਬਹੁਤ ਘੱਟ ਲਿਖਤ ਚ ਲਿਆ ਸਕੇ। ਜੋ ਥੋੜਾ ਬਹੁਤ ਲਿਖਿਆ ਗਿਆ ਉਹ ਗੈਰ ਸਿੱਖ ਕਲਮ ਨੇ ਲਿਖਿਆ। ਅੱਜ ਸਿੱਖਾਂ ਸੁਰਬੀਰ ਯੋਧਿਆਂ ਨੇ ਉਸ ਪ੍ਰਾਚੀਨ ਇਤਿਹਾਸ ਨੂੰ ਮੁੜ ਦੁਹਰਾਇਆ ਪਰ ਸਿੱਖਾਂ ਕੋਲ ਇਸ ਇਤਿਹਾਸ ਨੂੰ ਲਿਖਣ ਲਈ ਚੰਗੇ ਵਿਦਵਾਨ, ਸਾਧਨ, ਘਟਨਾਵਾਂ ਦੇ ਚਸ਼ਮਦੀਦਾਂ ਦੀ ਘਾਟ ਨਹੀਂ ਪਰ ਫੇਰ ਵੀ ਪੂਰਾ ਇਤਿਹਾਸ ਸਾਂਭਣ ਚ ਕਿੱਤੇ ਨਾ ਕਿੱਤੇ ਉਹਨਾਂ ਸੰਸਥਾਵਾਂ ਜਾਂ ਜਿੰਮੇਵਾਰ ਆਗੂਆਂ ਦੀ ਢਿੱਲ ਰਹੀ ਹੈ। ਇਸ ਜਿੰਮੇਵਾਰੀ ਨੂੰ ਸਮਝਦਿਆਂ ਕਿ ਮੌਜੂਦਾ ਇਤਿਹਾਸ ਕਲਮ ਬੰਦ ਕਰਨ ਦਾ ਉੱਦਮ ਭਾਈ ਕਰਮਜੀਤ ਸਿੰਘ ਸਿੱਖਾਂ ਵਾਲੇ ਦੇ ਉਦੱਮ ਦਾ ਸਦਕਾ ਅਤੇ ਬੱਬਰ ਖਾਲਸਾ ਜਰਮਨੀ ਦੇ ਮੁੱਖ ਸੇਵਾਦਾਰ ਜਥੇਦਾਰ ਰੇਸ਼ਮ ਸਿੰਘ ਜੀ ਦੀ ਜਥੇਬੰਦੀ ਦੇ ਸਮੂਹ ਸਿੰਘਾਂ ਦੇ ਸਹਿਯੋਗ ਨਾਲ ਤਿਆਰ ਕੀਤੀ ਗਈ। ਮੌਜੂਦਾ ਸਮੇਂ ਪੰਥ, ਗੁਰੂ ਗ੍ਰੰਥ ਅਤੇ ਖਾਲਿਸਤਾਨ ਦੀ ਪ੍ਰਾਪਤੀ ਲਈ ਸਿਰਜੇ ਇਤਿਹਾਸ ਸਹੀਦ ਸਿੰਘ ਸਿੰਘਣੀਆਂ ਦੀ ਗਾਥਾ ਬਿਆਨ ਕਰਦੀ ਪੁਸਤਕ ਤਵਾਰੀਖ ਬੱਬਰ ਖ਼ਾਲਸਾ ਦੇ ਭਾਗ ਚੌਥਾ ਗੁਰਦੁਆਰਾ ਕਲਗ.ੀਧਰ ਦਸਮੇਸ਼ ਸਿੰਘ ਸਭਾ ਕਲੋਨ ਜਰਮਨੀ ਚ 1 ਮਈ 2026 ਨੂੰ ਹ.ਫ਼ਤਾ ਵਾਰੀ ਦਿਵਾਨ ਸਮੇਂ ਸੰਗਤਾਂ ਦੇ ਰੁਬਰੂਹ ਕੀਤੀ ਗਈ। ਬੱਬਰ ਖਾਲਸਾ ਆਗੂ ਭਾਈ ਰਜਿੰਦਰ ਸਿੰਘ ਬੱਬਰ ਨੇ ਪੁਸਤਕ ਦੀ ਸੰਖੇਪ ਚ ਜਾਣਕਾਰੀ ਦਿੰਦਿਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਸ਼ਾਨੂੰ ਅਪਣੇ ਇਤਹਾਸ ਨਾਲ ਜੁੜ ਸੰਘਰਸ਼ ਲਈ ਯਤਨਸ਼ੀਲ ਹੋਣ ਦੀ ਲੋੜ ਹੈ ਤਾਂ ਜਿ ਕੌਮ ਅਪਣੇ ਕੌਮੀ ਨਿਸਾਨੇ ਖਾਲਿਸਤਾਨ ਦੀ ਮੰਜ਼ਲ ਪ੍ਰਾਪਤ ਕਰ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਤਾਰਾਗੜ੍ਹ ਦੇ ਮੇਨ ਚੌਕ ਵਿੱਚ ਹਰ ਰੋਜ ਵਾਪਰਦੇ ਹਾਦਸੇ ਲੱਖਾਂ ਰੁਪਏ ਦੀ ਆਮਦਨ ਹੋਣ ਦੇ ਬਾਵਜੂਦ

# ਪੰਚਾਇਤ ਨਹੀਂ ਦਿੰਦੀ ਇਸ ਮਾਰੂ ਚੌਕ ਵੱਲ ਧਿਆਨ



**ਜੰਡਿਆਲਾ ਗੁਰੂ 5 ਮਾਰਚ ( ਕੁਲਵੰਤ ਸਿੰਘ ਵਿਰਦੀ )**-ਬੇਸ਼ੱਕ ਪੰਜਾਬ ਦੇ ਪਿੰਡਾਂ ਸਹਿਰਾਂ ਦੀ ਤਰੱਕੀ ਵਿਕਾਸ ਕਰਕੇ ਹੀ ਜਾਣੀ ਜਾਂਦੀ ਹੈ ਅਤੇ ਬੀਤੇ ਸਮੇਂ ਦੌਰਾਨ ਪਿੰਡਾਂ ਸਹਿਰਾਂ ਦੇ ਬਜਾਰਾਂ ਵਿੱਚ ਵਧੀਆ ਇੱਟ ਲਗਾ ਕਿ ਤਿਆਰ ਕੀਤੇ ਜਾਂਦੇ ਸਨ ਪਰ ਮੌਡਰਨ ਜਮਾਨੇ ਚ ਪਿੰਡਾਂ ਸਹਿਰਾਂ ਦੇ ਬਜਾਰਾਂ ਵਿੱਚ ਇੰਟਰਲਾਕ ਟਾਈਲਾਂ ਲਗਾ ਕਿ ਬਜਾਰ ਤਿਆਰ ਕੀਤੇ ਜਾ ਰਹੇ ਹਨ ਜੋ ਬਹੁਤ ਹੀ ਸੁੰਦਰ ਤੇ ਲੈਵਲ ਵਿੱਚ ਬਣਦੇ ਹਨ ਜਿਨਾਂ ਬਜਾਰਾਂ ਵਿੱਚ ਚੱਲਣ ਵਾਲੀਆਂ ਗੱਡੀਆਂ ਮੋਟਰਸਾਇਕਲ ਵਹੀਕਲ ਬਹੁਤ ਹੀ ਵਧੀਆ ਤੇ ਬਿਨਾਂ ਕਿਸੇ ਰੁਕਾਵਟ ਦੇ ਨਾਲ ਚਲਦੇ ਹਨ ਪਰ ਦੂਜੇ ਪਾਸੇ ਗੱਲ ਕਰੀਏ ਤਾਂ ਪਿੰਡਾਂ ਸਹਿਰਾਂ ਦੇ ਬਜਾਰਾਂ ਵਿੱਚ ਬਣੇ ਮੇਨ ਚੌਂਕਾ ਵਿੱਚ ਚਾਰਾਂ ਸਾਈਡਾਂ ਤੇ ਰੈਂਪ ਬਣਾਉਣਾ ਵੀ ਸਮੇਂ ਦੀ ਲੋੜ ਹੈ ਕਿਉਂਕਿ ਇੰਟਰਲਾਕ ਟਾਈਲਾਂ ਦੇ ਬਜਾਰਾਂ ਵਿੱਚ ਤੇਜ ਰਫਤਾਰ ਨਾਲ ਆਉਂਦੇ ਵਹੀਕਲ ਦੀ ਇਕਦਮ ਬ੍ਰੇਕ ਲਗਾਉਣੀ ਵੀ ਖਤਰੇ ਤੋਂ ਘੱਟ ਨਹੀਂ ਹੁੰਦੀ ਅਤੇ ਦੂਜੇ ਪਾਸੇ ਜੇਕਰ ਦੋਵਾਂ ਸਾਈਡਾਂ ਤੋਂ ਇਕਦਮ ਮੋਟਰਸਾਇਕਲ ਵਹੀਕਲ ਇਕੱਠੇ ਆ ਜਾਣ ਤਾਂ ਆਪਸ ਵਿਚ ਟਕਰਾ ਕਿ ਵੱਡੇ ਨੁਕਸਾਨ ਨੂੰ ਸੱਦਾ ਦਿੰਦੇ ਹਨ ਬਲਾਕ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਵਿਖੇ ਮੇਨ ਜਾਣੇ ਜਾਂਦੇ ਚੌਂਕ ਜਿਸ ਨੂੰ ਬੈਂਕ ਵਾਲਾ ਬਜਾਰ ਜਾਂ ਰਿਕਸ਼ਿਆਂ ਵਾਲਾ ਚੌਂਕ ਵੀ ਕਿਹਾ ਜਾਂਦਾ ਹੈ ਜੋ ਪਿੰਡ ਦੇ ਸਭ ਤੋਂ ਚੌੜੇ ਬਜਾਰ ਤੇ ਅੰਦਰ ਹੋਣ ਕਰਕੇ ਚਾਰਾਂ ਦਿਸ਼ਾਵਾਂ ਤੇ ਇੰਟਰਲਾਕ ਟਾਈਲਾਂ ਲੱਗਣ ਕਾਰਨ ਮੋਟਰਸਾਇਕਲ ਵਹੀਕਲ ਓਵਰ ਸਪੀਡ ਆਉਂਦੇ ਹਨ ਜਿਸ ਨਾਲ ਬੀਤੇ ਸਮੇਂ ਦੌਰਾਨ ਇਸੇ ਚੌਂਕ ਵਿੱਚ ਬਹੁਤ ਵਾਰ ਐਕਸੀਡੈਂਟ ਹੋ ਚੁੱਕੇ ਹਨ ਜਿਸ ਵਿਚ ਇਕ ਵਾਰ ਤਾਂ ਇਸ ਚੋਕ ਵਿੱਚ ਟੱਕਰ ਇੰਨੀ ਭਿਆਨਕ ਹੋਈ ਕਿ ਪਿੰਡ ਦੀ ਲੜਕੀ ਆਪਣੇ ਪੇਕੇ ਘਰ ਲੜਕੇ ਦੇ ਵਿਆਹ ਕਾਰਜ ਦਾ ਸੁਨੇਹਾ ਦੇਣ ਲਈ ਆਈ ਪਰ ਮੋਟਰਸਾਇਕਲ ਚਲਾ ਰਹੇ ਉਸ ਦੇ ਲੜਕੇ ਦੀ ਲੱਤ ਟੁੱਟ ਗਈ ਅਤੇ ਉਸ ਲੜਕੀ ਨੂੰ ਵੀ ਭਿਆਨਕ ਸੱਟਾਂ ਲੱਗੀਆਂ ਜਿਨਾਂ ਨੂੰ ਲੰਮਾ ਸਮਾਂ ਬੈਡ ਤੇ ਗੁਜਾਰਨਾ ਪਿਆ ਇਸ ਚੌਂਕ ਵਿੱਚ ਜਦੋਂ ਵੀ ਐਕਸੀਡੈਂਟ ਦੀ ਘਟਨਾ ਵਾਪਰੀ ਹੈ ਤਾਂ ਪੰਚਾਇਤ ਦੇ ਨੁਮਾਇੰਦਿਆਂ ਵਲੋਂ ਹਰ ਵਾਰ ਸਿਰਫ ਪਿੰਡ ਵਾਸੀਆਂ ਨੂੰ ਭਰੋਸਾ ਹੀ ਦਿੱਤਾ ਜਾਂਦਾ ਹੈ ਕਿ ਕੋਈ ਨਾ ਚਾਰਾਂ ਸਾਈਡਾਂ ਤੇ ਰੈਂਪ ਬਣਵਾ ਦਿੰਦੇ ਹਾਂ ਲੇਕਿਨ ਇਸ ਛੋਟੇ ਜਿਹੇ ਮਸਲੇ ਨੂੰ ਪੰਚਾਇਤ ਵੱਲੋਂ ਹੱਲ ਨਹੀਂ ਕੀਤਾ ਜਾ ਰਿਹਾ ਪੰਜਾਬੀਆਂ ਦੀ ਇਕ ਕਹਾਵਤ ਬਹੁਤ ਮਸ਼ਹੂਰ ਹੈ ਕਿ ਗੌਗਲੂਆਂ ਤੋਂ ਮਿਟੀ ਝਾੜਨੀ ਬਸ ਉਸੇ ਤਰ੍ਹਾਂ ਹਰ ਵਾਰ ਮਿਟੀ ਹੀ ਝਾੜੀ ਜਾਂਦੀ ਹੈ ਅੱਜ ਜਦੋਂ ਅੱਖੀ ਡਿੱਠਾ ਐਕਸੀਡੈਂਟ ਦੇਖਣ ਨੂੰ ਮਿਲਿਆ ਕਿ ਦੋਹਾਂ ਸਾਈਡਾਂ ਤੋ ਆ ਰਹੇ ਵਹੀਕਲ ਆਪਸ ਵਿੱਚ ਟਕਰਾ ਤਾਂ ਗਏ ਪਰ ਵੱਡਾ ਹਾਦਸਾ ਹੋਣ ਤੋਂ ਬਚਾਅ ਰਿਹਾ ਪਰ ਮਾਮੂਲੀ ਬਹਿਸ ਵੇਖਣ ਨੂੰ ਮਿਲੀ ਇਸ ਲਈ ਪਿੰਡ ਵਾਸੀਆਂ ਵੱਲੋਂ ਆਮ ਲੋਕਾਂ ਦੀ ਪਾਰਟੀ ਆਮ ਆਦਮੀ ਪਾਰਟੀ ਦੇ ਸੂਝਵਾਨ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਪਾਸੋਂ ਛੋਟੇ ਜਿਹੇ ਮਸਲੇ ਸੰਬੰਧੀ ਭਾਰੀ ਮੰਗ ਕੀਤੀ ਜਾਂਦੀ ਹੈ ਕਿ ਬਲਾਕ ਦੇ ਉਚ ਅਧਿਕਾਰੀਆਂ ਨੂੰ ਪੰਚਾਇਤ ਦੇ ਨੁਮਾਇੰਦਿਆ ਨੂੰ ਹੁਕਮ ਕਰਕੇ ਇਸ ਛੋਟੇ ਜਿਹੇ ਮਸਲੇ ਨੂੰ ਜਲਦ ਤੋਂ ਜਲਦ ਹੱਲ ਕਰਵਾਇਆ ਜਾਵੇ ! ਕਿਉਂਕਿ ਪਿੰਡ ਤਾਰਾਗੜ੍ਹ ਦੀ ਪੰਚਾਇਤ ਨੂੰ ਇਸ ਛੋਟੇ ਜਿਹੇ ਮਸਲੇ ਲਈ ਬਹੁਤ ਵਾਰ ਪਿੰਡ ਵਾਸੀ ਕਹਿ ਚੁੱਕੇ ਹਨ ! ਪਰ ਭਰੋਸੇ ਤੋਂ ਸਿਵਾ ਕੁੱਝ ਨਹੀਂ ਮਿਲ ਰਿਹਾ ! ਇੱਥੇ ਗੱਲ ਦੱਸਣਯੋਗ ਹੈ ਕਿ ਪਿੰਡ ਤਾਰਾਗੜ੍ਹ ਕੋਲ ਆਪਣੇ ਪਿੰਡ ਦੀ ਪੰਚਾਇਤਲੱ ਪੈਲੀ ਤੋਂ ਲੱਖਾਂ ਰੁਪਏ ਦੀ ਆਮਦਨ ਹੋਣ ਦੇ ਬਾਵਜੂਦ ਵੀ ਕਿਉ ਵਰਤੀ ਜਾ ਰਹੀ ਢਿੱਲ !

### ਸ੍ਰ ਹਰਭਜਨ ਸਿੰਘ ਈ.ਟੀ.ਓ ਕੈਬਨਿਟ ਮੰਤਰੀ ਪਾਸੋਂ ਭਾਰੀ ਮੰਗ

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹੋਲੇ ਮਹੱਲੇ ਦਾ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

## 28 ਅਤੇ 29 ਮਾਰਚ ਨੂੰ ਲਾਲ ਕਿਲ੍ਹੇ 'ਤੇ ਹੋਣਗੇ ਫਤਿਹ ਦਿਵਸ ਸਮਾਗਮ: ਕਾਲਕਾ, ਕਾਹਲੋਂ



ਨਵੀਂ ਦਿੱਲੀ, 5 ਮਾਰਚ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੋਲੇ ਮਹੱਲੇ ਦਾ ਪਵਿੱਤਰ ਦਿਹਾੜਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਮੁੱਖ ਸਮਾਗਮ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਹੋਇਆ ਜਿਥੇ ਗੁਰਮਤਿ ਦੀਵਾਨ ਸਜਾਏ ਗਏ ਜਿਸ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸਾਹਿਬ ਏ ਕਮਾਲ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਖਾਲਸਾ ਪੰਥ ਨੂੰ ਗੱਤਕਾ ਖੇਡ ਕੇ ਹੋਲਾ ਮਹੱਲਾ ਮਨਾਉਣ ਦੇ ਹੁਕਮ ਦਿੱਤੇ ਸਨ। ਉਹਨਾਂ ਕਿਹਾ ਕਿ ਗੁਰੂ ਸਾਹਿਬ ਦੇ ਇਹਨਾਂ ਹੁਕਮਾਂ ਦਾ ਮਕਸਦ ਸੀ ਕਿ ਸਾਡੀ ਨਵੀਂ ਪੀੜੀ ਨੂੰ ਮਾਰਸ਼ਲ ਕੌਮ ਬਣਾਉਣਾ ਅਤੇ ਸ਼ਸ਼ਤਰ ਵਿਦਿਆ ਦੀ ਸਿੱਖਲਾਈ ਦੇਣੀ ਤਾਂ ਜੋ ਨੌਜਵਾਨ ਸਾਡੇ ਯੋਧੇ ਬਣ ਸਕਣ। ਉਹਨਾਂ ਕਿਹਾ ਕਿ ਗੁਰੂ ਸਾਹਿਬ ਦੇ ਹੁਕਮ ਅਨੁਸਾਰ ਹੀ ਦਿੱਲੀ ਗੁਰਦੁਆਰਾ ਕਮੇਟੀ ਹਰ ਸਾਲ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਇਸ ਹੋਲੇ ਮਹੱਲੇ 'ਤੇ ਸਮਾਗਮ ਕਰਵਾਉਂਦੀ ਹੈ ਤਾਂ ਜੋ ਸਾਡੀ ਨੌਜਵਾਨ ਪੀੜੀ ਨੂੰ ਗੁਰਸਿੱਖੀ ਜੀਵਨ ਜਾਚ ਨਾਲ ਜੋੜਿਆ ਜਾ ਸਕੇ। ਉਹਨਾਂ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਨੌਜਵਾਨ ਪੀੜੀ ਨੂੰ ਆਪਣੇ ਵਿਰਸੇ ਨਾਲ ਜੋੜਨ ਦੇ ਵੱਖ-ਵੱਖ ਸਮਾਗਮ ਕਰਵਾਏ ਜਾਂਦੇ ਹਨ ਤੇ ਉਪਰਾਲੇ ਕੀਤੇ ਜਾਂਦੇ ਹਨ। ਉਹਨਾਂ ਕਿਹਾ ਕਿ ਇਹਨਾਂ ਸਮਾਗਮਾਂ ਦੀ ਲੜੀ ਤਹਿਤ ਅਸੀਂ ਹਰ ਸਾਲ ਦਿੱਲੀ ਫਤਿਹ ਦਿਵਸ ਲਾਲ ਕਿਲ੍ਹੇ 'ਤੇ ਮਨਾਉਂਦੇ ਹਾਂ।ਉਹਨਾਂ ਕਿਹਾ ਕਿ ਇਸ ਸਾਲ 28 ਅਤੇ 29 ਮਾਰਚ ਨੂੰ ਲਾਲ ਕਿਲ੍ਹੇ 'ਤੇ ਦਿੱਲੀ ਫਤਿਹ ਦਿਵਸ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਅਸੀਂ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਆਹਲੂਵਾਲੀਆ ਤੇ ਬਾਬਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੀ ਮਹਾਨਤਾ, ਉਹਨਾਂ ਦੀ ਜਰਨੈਲੀ ਸੋਚ ਤੇ ਬਹਾਦਰੀ ਦੇ ਕਿੱਸਿਆਂ ਤੋਂ ਆਪਣੀ ਨੌਜਵਾਨ ਪੀੜੀ ਨੂੰ ਜਾਣੂ ਕਰਵਾਵਾਂਗੇ। ਉਹਨਾਂ ਕਿਹਾ ਕਿ ਇਸੇ ਤਰੀਕੇ ਦਿੱਲੀ ਕਮੇਟੀ ਨੇ ਇਕ ਯੋਜਨਾਬੰਦੀ ਕੀਤੀ ਹੈ ਜਿਸ ਤਹਿਤ 14 ਮਾਰਚ ਨੂੰ ਸੰਗਰਾਂਦ ਦੇ ਦਿਹਾੜੇ ਤੋਂ ਸ਼ੁਰੂ ਹੋ ਕੇ ਸਾਰਾ ਵਿਸਾਖੀ ਦਾ ਮਹੀਨਾ ਦਿੱਲੀ ਦੇ ਵੱਖ-ਵੱਖ ਗੁਰੂ ਘਰਾਂ ਵਿਚ ਗੁਰਮਤਿ ਸਮਾਗਮ ਕਰਵਾਏ ਜਾਣਗੇ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਜਾਣਗੇ।ਉਹਨਾਂ ਕਿਹਾ ਕਿ ਇਸੇ ਤਰੀਕੇ ਅਸੀਂ ਨਵੰਬਰ ਮਹੀਨੇ ਵਿਚ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਵਰ੍ਹੇ ਦੀ ਸਮਾਪਤੀ ਸਮਾਗਮ ਕਰਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਂਟ ਸੋਲਜਰ ਸਕੂਲ ਦੇ ਬੱਚਿਆਂ ਨੇ ਹੋਲੇ ਮਹੱਲੇ ਦਾ ਪਵਿੱਤਰ ਤਿਉਹਾਰ ਸਰਧਾ ਭਾਵਨਾ ਤੇ ਪਿਆਰ ਨਾਲ ਗਤਕਾ ਖੇਡ ਕਿ ਮਨਾਇਆ

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਹੋਲੇ ਮਹੱਲੇ ਦੀ ਸ਼ੁਰੂਆਤ ਕੀਤੀ ਤੇ ਖਾਲਸਾ ਫੌਜ ਨੂੰ ਸ਼ਸਤਰ ਵਿੱਦਿਆ ਸਿਖਾਈ ਤੇ ਮੁਗਲਾਂ ਦੀ ਗੁਲਾਮੀ ਤੋਂ ਛੁਟਕਾਰਾ ਦਵਾਇਆ ਡਾ: ਮੰਗਲ ਸਿੰਘ ਕਿਸ਼ਨਪੁਰੀ



ਜੰਡਿਆਲਾ ਗੁਰੂ 5 ਮਾਰਚ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਭਰ ਵਿੱਚ ਹੋਲੇ ਮਹੱਲੇ ਦਾ ਪਵਿੱਤਰ ਤਿਉਹਾਰ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਜਾਂਦਾ ਹੈ ਅਤੇ ਇਸ ਪਵਿੱਤਰ ਤਿਉਹਾਰ ਮੌਕੇ ਦੇਸ ਵਿਦੇਸ ਤੋਂ ਉਚੇਚੇ ਤੌਰ ਤੇ ਸੰਗਤਾਂ ਪਾਵਨ ਧਰਤੀ ਸ੍ਰੀ ਆਨੰਦਪੁਰ ਸਾਹਿਬ ਵਿਖੇ ਆਪਣੀਆਂ ਹਾਜਰੀਆ ਲਗਾਉਂਦਆਂਪ ਹਨ ਅਤੇ ਪੰਜਾਬ ਭਰ ਦੇ ਲੋਕ ਇਸ ਤਿਉਹਾਰ ਨੂੰ ਆਪਣੇ ਆਪਣੇ ਇਲਾਕੇ ਵਿੱਚ ਵੱਖ ਵੱਖ ਤਰੀਕਿਆਂ ਨਾਲ਼ ਮਨਾਂ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਖੁਸੀਆਂ ਪ੍ਰਾਪਤ ਕਰਦੀਆਂ ਹਨ ਜਿਸ ਦੇ ਚੱਲਦਿਆਂ ਬੀਤੇ ਦਿਨ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਹੋਲਾ ਮਹੱਲਾ ਬਹੁਤ ਹੀ ਉਤਸਾਹ ਸਰਧਾ ਤੇ ਪਿਆਰ ਨਾਲ ਮਨਾਇਆ ਗਿਆ, ਇਸ ਪਵਿੱਤਰ ਹੋਲੇ ਮਹੱਲੇ ਦੇ ਤਿਉਹਾਰ ਤੇ ਸਕੂਲ਼ ਦੀ ਗਰਾਊਂਡ ਵਿੱਚ ਬੱਚਿਆਂ ਨੇ ਗਤਕਾ ਖੇਡ ਕੇ ਹੋਲਾ ਮਹੱਲਾ ਮਨਾਉਣਾ ਕੀਤਾ, ਸਕੂਲ ਦੇ ਬੱਚਿਆਂ ਨੇ ਸ਼ਾਨਦਾਰ ਪੁਰਾਤਨ ਰਿਵਾਇਤੀ ਤਰੀਕੇ ਨਾਲ ਗਤਕਾ ਖੇਡ ਕੇ ਅਤੇ ਰੰਗ ਪਾ ਕੇ ਇਸ ਮੌਕੇ ਨੂੰ ਜੋਸ਼ੋ ਖਰੋਸ਼ ਨਾਲ ਮਨਾਇਆ । ਸਕੂਲ ਦਾ ਸਟਾਫ ਅਤੇ ਮੈਨੇਜਮੈਂਟ ਨੇ ਬੱਚਿਆਂ ਨਾਲ ਮਿਲ ਕੇ ਖੂਬ ਖੁਸ਼ੀ ਮਨਾਈ ਅਤੇ ਇੱਕ ਦੂਜੇ ਨੂੰ ਗਲਾਲ ਪਾ ਕੇ ਖੁਸ਼ੀ ਦਾ ਅਜਹਾਰ ਕੀਤਾ, ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਨੇ ਬੱਚਿਆਂ ਨੂੰ ਹੋਲੇ ਮਹੱਲੇ ਦੀ ਜਾਣਕਾਰੀ ਦਿੱਤੀ ਕਿ ਕਿਸ ਤਰ੍ਹਾਂ ਗੁਰੂ ਗੋਬਿੰਦ ਸਿੰਘ ਜੀ ਨੇ ਹੋਲੇ ਮਹੱਲੇ ਦੀ ਸ਼ੁਰੂਆਤ ਕੀਤੀ ਅਤੇ ਖਾਲਸਾ ਫੌਜ ਨੂੰ ਸ਼ਸਤਰ ਵਿੱਦਿਆ ਸਿਖਾਈ । ਹੋਲਾ ਮਹੱਲੇ ਤੋਂ ਹੀ ਖਾਲਸਾ ਫੌਜ ਤਿਆਰ ਹੋਈ ਤੇ ਉਸ ਨੇ ਮੁਗਲਾਂ ਤੋਂ ਸਦੀਆਂ ਦੀ ਗੁਲਾਮੀ ਨੂੰ ਲਾਹ ਮਾਰਿਆ । ਹੋਲੇ ਮਹੱਲੇ ਦੇ ਸੂਰਬੀਰਾਂ ਨੇ ਵੱਡੇ ਵੱਡੇ ਕਾਰਨਾਮੇ ਕੀਤੇ ਅਤੇ ਮੁਗਲ ਸਾਮਰਾਜ ਦੀਆਂ ਨੀਹਾ ਪੁਟ ਦਿੱਤੀਆਂ । ਇਸ ਤਰ੍ਹਾਂ ਬੱਚਿਆਂ ਨੂੰ ਵੀ ਹੋਲਾ ਮਹੱਲਾ ਆਪਣੇ ਪਰਿਵਾਰਾਂ ਵਿੱਚ ਖੁਸ਼ੀ ਨਾਲ ਮਨਾਉਣ ਲਈ ਪ੍ਰੇਰਿਆ । ਬੱਚਿਆਂ ਨੂੰ ਕੈਮੀਕਲ ਰੰਗ ਵਰਤਣ ਦੀ ਮਨਾਹੀ ਕੀਤੀ ਗਈ ਇਸਤਰਾਂ ਹੋਲੇ ਮਹੱਲੇ ਦਾ ਤਿਉਹਾਰ ਇਤਿਹਾਸਿਕ ਹੋ ਨਿਬੜਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਰੀ ਮੀਂਹ ਦੇ ਬਾਵਜੂਦ ਕੈਨੇਡੀਅਨ ਸਿੱਖਾਂ ਵਲੋਂ

# ਵੈਨਕੂਵਰ ਭਾਰਤੀ ਅੰਬੈਸੀ ਬਾਹਰ ਭਾਰੀ ਵਿਰੋਧ ਪ੍ਰਦਰਸ਼ਨ




**ਨਵੀਂ ਦਿੱਲੀ, 4 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਭਾਰੀ ਮੀਂਹ ਦੇ ਬਾਵਜੂਦ ਕੈਨੇਡੀਅਨ ਸਿੱਖਾਂ ਵਲੋਂ ਵੈਨਕੂਵਰ ਭਾਰਤੀ ਐਂਬੈਸੀ ਬਾਹਰ ਲਗਾਤਾਰ ਨੌਂ ਘੰਟੇ ਦਾ ਭਾਰੀ ਵਿਰੋਧ ਪ੍ਰਦਰਸ਼ਨ ਕਰਦੇ ਹੋਏ ਭਾਈ ਨਿੱਝਰ ਕਤਲ ਨਾਲ ਸੰਬੰਧਿਤ ਭਾਰਤੀ ਰਾਜਦੂਤ ਅਤੇ ਮੁਲਾਜਮ ਨੂੰ ਕੈਨੇਡੀਅਨ ਕਨੂੰਨ ਅਧੀਨ ਕਾਰਵਾਈ ਅਤੇ ਕੈਨੇਡਾ ਦੀ ਸਮੂਹ ਭਾਰਤੀ ਐਂਬੇਸਿਆ ਨੂੰ ਬੰਦ ਕਰਣ ਦੀ ਮੰਗ ਕੀਤੀ ਗਈ। ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦਸਿਆ ਕਿ ਬੀਤੇ ਦੋ ਦਿਨ ਪਹਿਲਾਂ ਕੈਨੇਡੀਅਨ ਅਖਬਾਰਾਂ ਵਲੋਂ ਭਾਈ ਨਿੱਝਰ ਕਤਲ ਕਾਂਡ ਵਿਚ ਭਾਰਤੀ ਰਾਜਦੂਤ ਅਤੇ ਮੁਲਾਜਮ ਬਾਰੇ ਸ਼ੰਕੇ ਖੜੇ ਕਰਦਿਆਂ ਰਿਪੋਰਟਾਂ ਜਾਰੀ ਹੋਈਆਂ ਸੀ ਤੇ ਸੀਐਸਆਈਐਸ ਅਧਿਕਾਰੀਆਂ ਨੇ ਵੀ ਕੈਨੇਡਾ ਅੰਦਰ ਭਾਰਤੀ ਦਖਲਅੰਦਾਜ਼ੀ ਨੂੰ ਦੋਹਰਾਇਆ ਹੈ ਕਿਉਕਿ ਬੀਤੇ ਕੁਝ ਦਿਨ ਪਹਿਲਾਂ ਕੈਨੇਡੀਅਨ ਏਜੰਸੀਆਂ ਵਲੋਂ ਕੁਝ ਸਿੱਖਾਂ ਨੂੰ ਜਾਨ ਦਾ ਖਤਰਾ ਹੋਣ ਬਾਰੇ ਦਸਦਿਆਂ ਉਨ੍ਹਾਂ ਨੂੰ ਸੁਰੱਖਿਆ ਵਧਾਉਣ ਲਈ ਕਿਹਾ ਗਿਆ ਸੀ। ਉਨ੍ਹਾਂ ਕਿਹਾ ਕੈਨੇਡਾ ਸਰਕਾਰ ਨੂੰ ਭਾਰਤ ਸਰਕਾਰ ਨਾਲ ਜਾਨ ਦੇ ਖ਼ਤਰਿਆ ਨਾਲੋਂ ਵਪਾਰ ਨੂੰ ਤਰਜੀਹ ਨਹੀਂ ਦੇਣਾ ਚਾਹੀਦਾ ਜ਼ੇਕਰ ਕੈਨੇਡਾ ਸਰਕਾਰ ਇੰਨ੍ਹਾ ਵਪਾਰ ਸੰਧੀਆਂ ਨੂੰ ਰੱਦ ਨਹੀਂ ਕਰਦੀ ਤਾਂ ਭਾਰਤ ਸਰਕਾਰ ਦੀ ਕੈਨੇਡਾ ਅੰਦਰ ਦਖਲਅੰਦਾਜ਼ੀ ਬਹੁਤ ਵੱਧ ਜਾਏਗੀ ਜਿਸ ਨਾਲ ਕੈਨੇਡਾ ਦੀ ਪ੍ਰਭੁਸੰਪਤਾ ਨੂੰ ਵੱਡਾ ਖਤਰਾ ਪੈਦਾ ਹੋ ਸਕਦਾ ਹੈ। ਕੀਤੇ ਗਏ ਪ੍ਰਦਰਸ਼ਨ ਅਤੇ ਖਾਲਿਸਤਾਨ ਫੀਡਮ ਰੈਲੀ ਵਿੱਚ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਡੈਲਟਾ ਦੇ ਮੁੱਖ ਗ੍ਰੰਥੀ ਭਾਈ ਲਖਬੀਰ ਸਿੰਘ, ਸੇਵਾਦਾਰ ਭਾਈ ਭੁਪਿੰਦਰ ਸਿੰਘ ਹੋਠੀ, ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਗੁਰਮੀਤ ਸਿੰਘ ਗਿੱਲ, ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਤੋਂ ਕਰਨੈਲ ਸਿੰਘ ਟੁੱਟ, ਭਾਈ ਜਰਨੈਲ ਸਿੰਘ, ਭਾਈ ਰਣਜੀਤ ਸਿੰਘ ਚਾਹਲ, ਉਕਾਨਾਗਨ ਤੋਂ ਭਾਈ ਸੁਖਬੀਰ ਸਿੰਘ, ਯੂਐਸ ਮੀਡੀਆ ਤੋਂ ਭਾਈ ਰਾਜ ਗਿੱਲ, ਟੀਮ ਸ਼ਹੀਦ ਨਿੱਝਰ ਦੇ ਭਾਈ ਅਜੈਪਾਲ ਸਿੰਘ, ਭਾਈ ਜੈਗ ਸਿੱਧੂ, ਭਾਈ ਚਰਨਜੀਤ ਸਿੰਘ, ਭਾਈ ਦਲਜੀਤ ਸਿੰਘ, ਭਾਈ ਰਜਿੰਦਰ ਸਿੰਘ ਸਮੇਤ ਵਡੀ ਗਿਣਤੀ ਵਿਚ ਮੁਜਾਹਕਾਰੀ ਪਹੁੰਚੇ ਹੋਏ ਸਨ।

**ਭਾਈ ਨਿੱਝਰ ਕਤਲ ਕਾਂਡ ਵਿਚ ਭਾਰਤੀ ਰਾਜਦੂਤ ਅਤੇ ਮੁਲਾਜਮ ਨੂੰ ਕੈਨੇਡੀਅਨ ਕਨੂੰਨ ਅਧੀਨ ਲਿਆਉਣ ਦੀ ਮੰਗ**

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੇ 350 ਵੇਂ ਸ਼ਹੀਦੀ ਗੁਰਪੁਰਬ 'ਤੇ ਲਏ ਗਏ

# ਪ੍ਰਭਾਵਸ਼ਾਲ ਫੈਸਲਿਆਂ ਤੇ ਵਿਸ਼ੇਸ਼ ਧੰਨਵਾਦ:ਡਾ. ਵਿਜੇ ਸਤਬੀਰ ਸਿੰਘ ਆਈ ਏ ਐੱਸ (ਰਿਟਾ)

ਚੌਕ ਮਹਿਤਾ, 5 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)ਸਿੱਖ ਧਰਮ ਦੇ ਨੌਵੇਂ ਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੇ 350 ਵੇਂ ਸ਼ਹੀਦੀ ਗੁਰਪੁਰਬ ਦੇ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ 350 ਵੇਂ ਗੁਰਿਆਈ ਗੁਰਪੁਰਬ ਦੇ ਮੌਕੇ ਤੇ ਭਾਰਤ ਸਰਕਾਰ ਦੇ ਮਾਣਯੋਗ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਦਾਮੋਦਰ ਮੋਦੀ ਜੀ ਦੇ ਸਹਿਯੋਗ ਨਾਲ ਅਤੇ ਮਹਾਰਾਸ਼ਟਰ ਸਰਕਾਰ ਦੇ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਜੀ ਵੱਲੋਂ "ਹਿੰਦ ਕੀ ਚਾਦਰ" ਸਮਾਗਮ ਮਨਾਉਣ ਦਾ ਫੈਸਲਾ ਲਿਆ ਗਿਆ ਸੀ। ਇਹ ਸਮਾਗਮ ਨਾਗਪੁਰ, ਹਜ਼ੂਰ ਸਾਹਿਬ ਅਤੇ ਨਵੀ ਮੁੰਬਈ ਵਿਖੇ ਮਨਾਇਆ ਗਿਆ। ਜਿਸ ਵਿੱਚ ਸਿੱਖ, ਸਿਕਲੀਗਰ, ਬੰਜਾਰਾ, ਮੋਹਿਯਾਲ, ਸਿੰਧੀ ਅਤੇ ਨਾਲ ਹੀ ਕਈ ਸਮਾਜ ਦਿਆਂ ਨਾਨਕ ਨਾਮ ਲੇਵਾ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਇਆਂ ਤੇ ਗੁਰੂ ਸਾਹਿਬ ਜੀ ਦੀ ਸ਼ਹਾਦਤ ਨੂੰ ਨਮਨ ਕੀਤਾ। ਗੁਰੂ ਸਾਹਿਬ ਜੀ ਦੀ ਸ਼ਹਾਦਤ ਤੋਂ ਸਨਮਾਨ ਹੇਠ ਵਿਦੀਯਕ ਪਾਠਕ੍ਰਮ ਵਿੱਚ "ਸਿੱਖ ਸ਼ਹੀਦੀ 1500 ਤੋਂ 1765" ਇਸ ਵਿਸ਼ਾ ਨੂੰ ਸ਼ਾਮਿਲ ਕਰਨ ਦਾ ਫੈਸਲਾ ਅਤੇ ਹਸਪਤਾਲ ਬਨਾਉਣ ਦਾ ਵੀ ਫੈਸਲਾ ਮਹਾਰਾਸ਼ਟਰ ਸਰਕਾਰ ਦੇ ਮਾਣਯੋਗ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਜੀ ਵੱਲੋਂ ਲਿੱਤਾ ਗਿਆ



ਜਿਸ ਰਾਹੀਂ ਵਿਦਿਆਰਥੀਆਂ ਨੂੰ ਸਿੱਖ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀਆਂ ਬੇਮਿਸਾਲ ਕੁਰਬਾਨੀਆਂ, ਮਨੁੱਖੀ ਅਧਿਕਾਰਾਂ ਅਤੇ ਧਾਰਮਿਕ ਆਜ਼ਾਦੀ ਦੀ ਰੱਖਿਆ ਵਿੱਚ ਉਨ੍ਹਾਂ ਦੇ ਯੋਗਦਾਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਮਿਲੇਗੀ। ਇਹ ਸਿੱਖ ਵਿਰਾਸਤ ਦੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ, ਸਗੋਂ ਮਹਾਰਾਸ਼ਟਰ ਦੇ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ, ਕੁਰਬਾਨੀ ਅਤੇ ਨੈਤਿਕ ਕਦਰਾਂ-ਕੀਮਤਾਂ ਅਤੇ ਭਾਵਨਾ ਦੀ ਮਜ਼ਬੂਤੀ ਵੱਲ ਵੀ ਉਤਸ਼ਾਹਿਤ ਕਰੇਗਾ ਮਹਾਰਾਸ਼ਟਰ ਸਰਕਾਰ ਦੇ ਮਾਣਯੋਗ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਜੀ ਵੱਲੋਂ ਗੁਰੂ ਸਾਹਿਬ ਜੀ ਦੀ ਸ਼ਹਾਦਤ ਨੂੰ ਸਮਰਪਿਤ ਅਤੇ ਯਾਦਗਾਰੀ ਵਿੱਚ ਨਵੀ ਮੁੰਬਈ ਵਿਖੇ ਹਸਪਤਾਲ ਬਨਾਉਣ ਦਾ ਵੀ ਫੈਸਲਾ ਲਿੱਤਾ ਗਿਆ। ਜਿਸਦਾ ਨਾਮ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ' ਦੇ ਨਾਂ ਤੇ ਰੱਖਿਆ ਜਾਵੇਗਾ ਡਾ. ਵਿਜੇ ਸਤਬੀਰ ਸਿੰਘ, ਪ੍ਰਸ਼ਾਸਕ, ਗੁਰਦੁਆਰਾ ਸੱਚਖੰਡ ਬੋਰਡ, ਨਾਂਦੇੜ ਨੇ ਮੁੱਖ ਮੰਤਰੀ ਜੀ ਵੱਲੋਂ ਲਿੱਤੇ ਗਏ ਪ੍ਰਭਾਵਸ਼ਾਲੀ ਫੈਸਲਿਆਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਨ੍ਹਾਂ ਫੈਸਲਿਆਂ ਨਾਲ ਵਿਦੀਆਰਥੀਆਂ ਨੂੰ ਸਿੱਖ ਇਤੀਹਾਸ ਬਾਰੇ ਅਤੇ ਗੁਰੂ ਸਾਹਿਬਾਨ ਵੱਲੋਂ ਜ਼ੁਲਮ ਦੇ ਖਿਲਾਫ ਤੇ ਧਰਮ ਦੀ ਰਖਿਯਾ ਲਈ ਕੀਤੀਆਂ ਗਈਆਂ ਕੁਰਬਾਨੀਆਂ ਬਾਰੇ ਜਾਨਕਾਰੀ ਪ੍ਰਾਪਤ ਹੋਵੇਗੀ। ਨਾਲ ਹੀ ਸਹਾਰਾਸ਼ਟਰ ਸਰਕਾਰ ਵੱਲੋਂ ਗੁਰੂ ਸਾਹਿਬ ਜੀ ਦੇ ਨਾਂ ਤੇ ਹਸਪਤਾਲ ਬਨਾਉਣ ਦਾ ਫੈਸਲਾ ਦਾ ਗੁਰੂ ਸਾਹਿਬਾਨ ਦੇ ਪ੍ਰਤਿ ਸ਼ਰਧਾ ਅਤੇ ਭਾਵਨਾ ਦਾ ਪ੍ਰਗਟਾਵਾ ਹੈ। ਇਨ੍ਹਾਂ ਫੈਸਲਿਆਂ ਦਾ ਸਮੁੱਚੇ ਸਿਖ ਜਗਤ ਵਿੱਚ ਤਹਿ ਦਿਲੋਂ ਸਵਾਗਤ ਕੀਤਾ ਜਾ ਰਿਹਾ ਹੈ।

ਡਾ. ਵਿਜੇ ਸਤਬੀਰ ਸਿੰਘ, ਪ੍ਰਸ਼ਾਸਕ, ਉਨ੍ਹਾਂ ਦੇ ਸਲਾਹਕਾਰ ਸ੍ਰ. ਜਸਵੰਤ ਸਿੰਘ (ਬੌਬੀ) ਅਤੇ ਦੇਸ਼ ਵਿਦੇਸ਼ ਦਿਆਂ ਸਿਖ ਸੰਗਤਾਂ ਵੱਲੋਂ ਇਨ੍ਹਾਂ ਫੈਸਲਿਆਂ ਤੇ ਮਾਣਯੋਗ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਜੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੰਜਾਬ ਸਰਕਾਰ ਨੇ ਕੀਤੀ ਗਰੀਬ ਪਰਿਵਾਰਾਂ ਦੀ ਹੋਰ ਮਦਦ, ਕਣਕ ਦੇ ਨਾਲ ਰਸੋਈ ਚ ਵਰਤਣ ਵਾਲਾ ਸਮਾਨ ਵੀ ਜਲਦ ਮਿਲੇਗਾ - ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸ਼ਮਾ



ਚੌਕ ਮਹਿਤਾ,5 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ) ਪੰਜਾਬ ਸਰਕਾਰ ਕੀਤੀ ਲੋੜਵੰਦਾਂ ਪ੍ਰਵਾਰਾਂ ਦੀ ਹੋਰ ਮਦਦ ਕਣਕ, ਦੇ ਨਾਲ ਰਸੋਈ ਵਿੱਚ ਵਰਤਣ ਵਾਲਾ ਸਮਾਨ ਵੀ ਜਲਦ ਮਿਲੇਗਾ ਇਹ ਵੀਚਾਰ ਪੱਤਰਕਾਰਾ ਨਾਲ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਨੇ ਗੱਲਬਾਤ ਦੌਰਾਨ ਦੱਸਿਆ ਕਿ ਪੰਜਾਬ ਸਰਕਾਰ ਹਰ ਦਿਨ ਹਰ ਵਰਗ ਲਈ ਕੋਈ ਨਾ ਕੋਈ ਪਿਟਾਰਾ ਖੋਲ੍ਹਦੀ ਰਹਿੰਦੀ ਹੈ। ਪੰਜਾਬ ਚ ਆਮ ਆਦਮੀ ਸਰਕਾਰ ਬਣਦਿਆਂ ਹੀ ਹਜਾਰਾਂ ਨੌਜਵਾਨ ਲੜਕਾ ਲੜਕੀਆਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਸਨ । ਤੇ ਇਹ ਸਿਲਸਲਾ ਚਲਦਾ ਆ ਰਿਹਾ ਹੈ,ਤੇ ਨਾਲ ਹੀ ਹੀ ਪੰਜਾਬ ਦੇ ਲੋਕਾਂ ਨੂੰ ਸਮੇਂ ਅਨੁਸਾਰ ਸਹੂਲਤਾਂ ਵੀ ਮਿਲ ਰਹੀਆਂ ਹਨ। ਚੈਅਰਮੈਨ ਹਰਜਿੰਦਰ ਰੰਧਾਵਾ ਨੇ ਕਿਹਾ ਕਿ ਅੱਜ ਤੱਕ ਕੋਈ ਵੀ ਸਰਕਾਰ ਨੇ ਪੰਜਾਬ ਦੇ ਲੋਕਾਂ ਨੂੰ ਇਹਨੀਆਂ ਸਹੂਲਤਾਂ ਨਹੀਂ ਦਿੱਤੀਆਂ ਜਿੰਨੀਆਂ ਆਮ ਆਦਮੀ ਪਾਰਟੀ ਤੇ ਭਗਵੰਤ ਮਾਨ ਸਰਕਾਰ ਨੇ ਦਿੱਤੀਆਂ ਹੋਣ। ਪੰਜਾਬ ਸਰਕਾਰ ਵਲੋਂ ਗਰੀਬ ਲੋਕਾਂ ਨੂੰ ਮਿਲਣ ਵਾਲੀ ਫਰੀ ਕਣਕ ਦੇ ਨਾਲ ਹੁਣ ਪੰਜਾਬ ਸਰਕਾਰ ਇਕ ਥੈਲੀ ਵੀ ਜਿਸ ਦੇ ਵਿੱਚ ਖੰਡ, ਦਾਲ,ਨਮਕ,ਹਲਦੀ,ਤੇਲ ਜੋ ਹੁਣ ਪੰਜਾਬ ਦੇ 40 ਲੱਖ ਪਰਿਵਾਰਾਂ ਨੂੰ ਮਿਲੇਗਾ। ਇਸ ਮੌਕੇ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਵਾਅਦੇ ਕੀਤੇ ਸਨ ਉਹਨਾਂ ਤੋਂ ਵੀ ਵੱਧ ਪੰਜਾਬ ਸਰਕਾਰ ਲੋਕਾਂ ਨੂੰ ਸਹੂਲਤ ਦੇਣ ਵਿੱਚ ਕਾਮਯਾਬ ਹੋਈ ਹੈ ਅਤੇ ਅੱਗੋਂ ਵੀ ਸਹੂਲਤਾਂ ਮਿਲਦੀਆਂ ਰਹਿਣਗੀਆਂ ਚੈਅਰਮੈਨ ਹਰਜਿੰਦਰ ਰੰਧਾਵਾ ਨੇ ਕਿਹਾ ਕਿ ਪੰਜਾਬ ਦਾ ਹਰ ਨਾਗਰਿਕ ਆਮ ਆਦਮੀ ਪਾਰਟੀ ਨਾਲ ਜੁੜਨਾ ਚਾਹੁੰਦਾ ਹੈ ।ਕਿਉਂਕਿ ਪਿਛਲੀਆਂ ਸਰਕਾਰਾਂ ਨੇ ਗਰੀਬ ਲੋਕਾਂ ਵਾਸਤੇ ਕੁਝ ਨਹੀਂ ਕੀਤਾ। ਆਖਿਰ ਵਿੱਚੋਂ ਉਹਨਾਂ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਅਤੇ ਸ੍ਰ ਹਰਭਜਨ ਸਿੰਘ ਈਟੀਊ ਕੈਬਨਿਟ ਮੰਤਰੀ ਪੰਜਾਬ ਜੀ ਅਤੇ ਸਮੁੱਚੀ ਲੀਡਰਸ਼ਿਪ ਦਾ ਨਵੀਂ ਸ਼ੁਰੂ ਕੀਤੀ ਗਈ ਰਸੋਈ ਸਕੀਮ ਦੇ ਲਈ ਧੰਨਵਾਦ ਕੀਤਾ ।

# ਪਿੰਡ ਤਲਵੰਡੀ ਖੁੰਮਣ ਦਾ ਸੇਵਾ ਕੇਂਦਰ ਬੰਦ ਅਧਿਕਾਰੀ ਵੇਖ ਰਹੇ ਵਿਆਹ ਲੋਕ ਹੋ ਰਹੇ ਖੱਜਲ ਖਰਾਬ ਲੋਕਾਂ ਕੀਤੀ ਜਾਂਚ ਦੀ ਮੰਗ




**ਚੌਕ ਮਹਿਤਾ, 5 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਏ ਦਿਨ ਦਫਤਰਾਂ ਵਿੱਚ ਹੋ ਰਹੀ ਲੋਕਾਂ ਦੀ ਖੱਜਲ ਖਵਾਰੀ ਦੀਆਂ ਸੁਰਖੀਆਂ ਆਮ ਦੇਖਣ ਨੂੰ ਮਿਲ ਰਹੀਆਂ ਹਨ ਇਸੇ ਹੀ ਤਰ੍ਹਾਂ ਮਸਲਾ ਪਿੰਡ ਤਲਵੰਡੀ ਖੁੰਮਣ ਦੇ ਸੇਵਾ ਕੇਂਦਰ ਵਿਖੇ ਵੇਖਣ ਨੂੰ ਮਿਲਿਆ ਜਿੱਥੇ ਲੋਕ ਆਪਣੇ ਕੰਮਾਂ ਨੂੰ ਲੈ ਕੇ ਅਧਿਕਾਰੀਆਂ ਨੂੰ ਉਡੀਕਦੇ ਰਹੇ ਪਰ ਅਧਿਕਾਰੀ ਸੇਵਾ ਕੇਂਦਰ ਬੰਦ ਕਰਕੇ ਲੋਕਾਂ ਨੂੰ ਖੱਜਲ ਖਰਾਬ ਕਰ ਰਹੇ ਹਨ ਅਧਿਕਾਰੀ ਇਹਨਾਂ ਸੇਵਾਵਾਂ ਨੂੰ ਟਿੱਚ ਜਾਣਦੇ ਹਨ ਜਿਸ ਦੀ ਤਾਜ਼ਾ ਮਿਸਾਲ ਪਿੰਡ ਤਲਵੰਡੀ ਖੁਮਣ ਵਿਖੇ ਖੁੱਲੇ ਸੇਵਾ ਕੇਂਦਰ ਜੋ ਬੰਦ ਪਿਆ ਹੋਇਆ ਸੀ ਅਤੇ ਲੋਕ ਖੱਜਲ ਖਵਾਰ ਹੋ ਰਹੇ ਸਨ ਅਤੇ ਕਿਸੇ ਨੂੰ ਵੀ ਨਹੀਂ ਸੀ ਪਤਾ ਕਿ ਇਹ ਅਧਿਕਾਰੀ ਕਿੱਥੇ ਗਏ ਹਨ ਇਸ ਸਬੰਧੀ ਲੋਕਾਂ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇੱਕ ਪਾਸੇ ਸਰਕਾਰ ਵੱਲੋਂ ਹਰ ਇੱਕ ਤਰ੍ਹਾਂ ਦੀ ਸਹੂਲਤ ਲਈ ਸੇਵਾ ਕੇਂਦਰ ਖੋਲੇ ਗਏ ਹਨ ਪਰ ਅਧਿਕਾਰੀ ਇਸ ਵੱਲ ਧਿਆਨ ਨਹੀਂ ਦੇ ਰਹੇ ਅਸੀਂ ਅੱਜ ਖੱਜਲ ਖਰਾਬ ਹੋ ਰਹੇ ਹਾਂ ਇਸ ਸਬੰਧੀ ਜਦੋਂ ਸੇਵਾ ਕੇਂਦਰ ਦੇ ਅਧਿਕਾਰੀ ਮਨਪ੍ਰੀਤ ਸਿੰਘ ਨਾਲ ਸੰਪਰਕ ਕੀਤਾ ਤਾਂ ਉਹਨਾਂ ਕਿਹਾ ਕਿ ਮੈਂ ਵਿਆਹ ਵੇਖਣ ਲਈ ਗਿਆ ਹਾਂ ਕੋਈ ਕੰਮ ਹੈ ਤਾਂ ਦੱਸੋ ਜਦੋਂ ਉਹਨਾਂ ਨੂੰ ਪ੍ਰੈਸ ਵੱਲੋਂ ਦੱਸਿਆ ਤੇ ਆਦੇ ਕੋਈ ਗੱਲ ਨਹੀਂ ਅਸੀਂ ਆ ਕੇ ਗੱਲ ਕਰਦੇ ਤੁਹਾਡੇ ਨਾਲ ਅਤੇ ਮੇਰੇ ਦੋ ਨਾਲ ਦੇ ਸਾਥੀ ਕੈਂਪ ਚ ਹਨ ਇਸ ਸਬੰਧੀ ਐਸਡੀਐਮ ਰਜੇਸ਼ ਅਰੋੜਾ ਮਜੀਠਾ ਨਾਲ ਸੰਪਰਕ ਕੀਤਾ ਤਾਂ ਉਹਨਾਂ ਕਿਹਾ ਕਿ ਅਸੀਂ ਇਹਨਾਂ ਦੇ ਮਹਿਕਮੇ ਵਿੱਚ ਧਿਆਨ ਵਿੱਚ ਲਿਆ ਦਿਆਂਗੇ ਅਤੇ ਬਣਦੀ ਕਾਰਵਾਈ ਕਰਾਂਗੇ।

# ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਬੱਲ ਮਲਕੀਤ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

**ਚੌਕ ਮਹਿਤਾ, 5 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਬੱਲ ਮਲਕੀਤ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਉਨ੍ਹਾ ਨੇ ਗੁਰੂ ਚਰਨਾਂ ਵਿਚ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਉਨ੍ਹਾ ਵੱਲੋਂ ਮਹਾਰਾਸ਼ਟਰਾ ਵਿਚ ਵੱਸਦੇ ਸਮੂਹ ਸਿੱਖਾਂ ਦੇ ਲਈ ਕੀਤੇ ਜਾਣ ਵਾਲੇ ਭਲਾਈ ਕਾਰਜਾਂ ਨੂੰ ਨਿਰੰਤਰ ਜਾਰੀ ਰੱਖਣ ਲਈ ਪਰਮਾਤਮਾ ਦਾ ਸ਼ੁਕਰਾਨਾ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਮਗਰੋਂ ਬੱਲ ਮਲਕੀਤ ਸਿੰਘ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਰਬਸਾਂਝਾ ਧਾਰਮਿਕ ਕੇਂਦਰ ਹੈ, ਜਿਥੇ ਦੇਸ਼ ਵਿਦੇਸ਼ ਤੋਂ ਰੋਜ਼ਾਨਾ ਵੱਡੀ ਗਿਣਤੀ ਵਿਚ ਵੱਖ-ਵੱਖ ਧਰਮਾਂ ਦੇ ਲੋਕ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਉਂਦੇ ਹਨ। ਇਸੇ ਦੌਰਾਨ ਬੱਲ ਮਲਕੀਤ ਸਿੰਘ ਨੇ ਕਿਹਾ ਕਿ ਉਹ ਖ਼ੁਸ਼ਿਕਸਮਤ ਹਨ ਕਿ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਸਰਬ ਸਾਂਝੀਵਾਲਤਾ ਦਾ ਉਪਦੇਸ਼ ਦਿੱਤਾ ਅਤੇ ਗੁਰੂ ਸਾਹਿਬ ਵੱਲੋਂ ਬਖ਼ਿਸ਼ਆ ਬਿਨਾਂ ਵਿਤਰਕੇ ਤੋਂ ਸੰਗਤ ਤੇ ਪੰਗਤ ਦਾ ਸਿਧਾਂਤ ਮਨੁੱਖੀ ਬਰਾਬਰੀ ਦੀ ਉਦਾਹਰਣ ਹੈ।



### ਸ੍ਰੀ ਆਨੰਦਪੁਰ ਸਾਹਿਬ ਜੀ ਦੇ ਦਰਸ਼ਨਾਂ ਨੂੰ ਜਾਦੀਆਂ ਸੰਗਤਾਂ ਲਈ

# ਪਿੰਡ ਗੁੰਨੋਵਾਲ ਦੀਆਂ ਸੰਗਤਾਂ ਵਲੋਂ 26ਵਾਂ ਲੰਗਰ ਲਗਾਇਆ ਗਿਆ-ਭਾਈ ਬਲਬੀਰ ਸਿੰਘ ਪ੍ਰਧਾਨ



**ਜੰਡਿਆਲਾ ਗੁਰੂ, 5 ਮਾਰਚ ( ਕੁਲਵੰਤ ਸਿੰਘ ਵਿਰਦੀ )**-ਹਲਕਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਗੁੰਨੋਵਾਲ ਤੇ ਗੋਰੇਵਾਲ ਦੀਆਂ ਸਮੂਹ ਇਲਾਕਾ ਨਿਵਾਸੀ ਸੰਗਤਾਂ ਵੱਲੋਂ ਜੀ ਟੀ ਰੋਡ ਐਚ ਪੀ ਏਜੰਸੀ ਦੇ ਨਜਦੀਕ ਨਹਿਰੀ ਸੂਏ ਦੀ ਪੁਲੀ ਦੇ ਨਜਦੀਕ ਮੇਨ ਹਾਈਵੇ ਰੋਡ ਤੇ ਹੋਲੇ ਮਹੱਲੇ ਮੌਕੇ ਸ੍ਰੀ ਅਨੰਦਪੁਰ ਸਾਹਿਬ ਜੀ ਦੇ ਦਰਸ਼ਨਾਂ ਨੂੰ ਜਾਣ ਤੇ ਆਉਣ ਵਾਲੀਆਂ ਸੰਗਤਾਂ ਲਈ 26 ਵਾਂ ਲੰਗਰ ਲਗਾਇਆ ਗਿਆ। ਇਹ ਲੰਗਰ ਲਗਾਤਾਰ ਦਿਨ ਰਾਤ 24 ਘੰਟੇ ਤੇ 8 ਦਿਨ ਲਗਾਤਾਰ ਚਲਦਾ ਹੈ। ਇਨਾਂ ਲੰਗਰਾਂ ਵਿੱਚ ਵੱਖ ਵੱਖ ਤਰ੍ਹਾਂ ਦੇ ਪਕਵਾਨ ਜਿਵੇਂ ਜਲੇਬੀਆਂ, ਚਾਹ ,ਪਕੌੜੇ,ਖੀਰ,ਫੁਲਕੇ,ਤੇ ਤਰਾਂ –ਤਰਾਂ ਦੀਆਂ ਸਬਜੀਆ ਹਰ ਦਿਨ ਬਦਲ – ਬਦਲ ਕੇ ਤਿਆਰ ਕਰਕੇ ਵਰਤਾਈਆਂ ਖਵਾਈਆ ਜਾਦੀਆ ਹਨ। ਇਸ ਲੰਗਰ ਵਿਚ ਪੱਤਰਕਾਰਾਂ ਦੀ ਟੀਮ ਨੇ ਵੇਖਿਆ ਕਿ ਇਥੇ ਲੰਗਰਾਂ ਵਿੱਚ ਸੇਵਾ ਕਰ ਰਹੇ ਸੇਵਾਦਾਰਾ ਵਲੋਂ ਸੰਗਤਾਂ ਨੂੰ ਬੜੇ ਆਦਰ ਸਤਿਕਾਰ ਨਾਲ ਲੰਗਰ ਛਕਾਇਆ ਜਾਦਾ ਹੈ ।ਇਸ ਮੌਕੇ ਲੰਗਰ ਕਮੇਟੀ ਦੇ ਪ੍ਰਧਾਨ ਬਲਬੀਰ ਸਿੰਘ ਨੇ ਕਿਹਾ ਕੀ ਇੱਥੇ ਸੰਗਤਾਂ ਹਰ ਰੋਜ਼ ਵੱਡੀ ਗਿਣਤੀ ਵਿੱਚ ਲੰਗਰ ਛੱਕ ਕੇ ਜਾਂਦੀਆ ਹਨ ।ਅਸੀਂ ਇਹੋ ਅਰਦਾਸ ਕਰਦੇ ਹਾਂ ਕੀ ਸੰਗਤਾਂ ਗੁਰੂ ਘਰ ਦੇ ਦਰਸ਼ਨ ਕਰਕੇ ਚੜ੍ਹਦੀ ਕਲ੍ਹਾ ਵਿੱਚ ਆਪਣੇ ਪ੍ਰੀਵਾਰਾਂ ਵਿੱਚ ਖੁਸੀ ਖੁਸੀ ਪਹੁੰਚ ਕਿ ਗੁਰੂ ਸਾਹਿਬ ਜੀ ਦੀ ਵਡਿਆਈ ਤੇ ਸ੍ਰੀ ਆਨੰਦਪੁਰ ਸਾਹਿਬ ਜੀ ਦੀ ਉਪਮਾ ਆਪਣੇ ਬੱਚਿਆਂ ਨੂੰ ਦੱਸਣ ਤੇ ਚੜ੍ਹਦੀ ਕਲ੍ਹਾ ਨਾਲ ਇਹ ਪਵਿੱਤਰ ਦਿਹਾੜਾ ਸੰਗਤਾਂ ਮਨਾਂ ਕਿ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰਨ ।ਇਸ ਮੌਕੇ ਕਮੇਟੀ ਦੇ ਮੈਂਬਰ ਇੰਦਰਜੀਤ ਸਿੰਘ,ਸਿੰਕਦਰ ਸਿੰਘ,ਅਮਰਦੀਪ ਸਿੰਘ ਗੁਨੋਵਾਲ, ਮਨਇੰਦਰ ਸਿੰਘ ਗੁਨੋਵਾਲ,ਮਲੂਕ ਸਿੰਘ,ਸੋਨੂੰ ਗੁਨੋਵਾਲ,ਲਵਦੀਪ ਸਿੰਘ ,ਸੁੱਖਾਂ ਸਿੰਘ ਗੋਰੇਵਾਲ,ਜੱਗਾ ਗੋਰੇਵਾਲ,ਵੱਸਣ ਸਿੰਘ ਹਲਵਾਈ,ਪ੍ਰਗਟ ਸਿੰਘ, ਕਰਨਬੀਰ ਸਿੰਘ, ਸਮਸ਼ੇਰ ਸਿੰਘ ਸ਼ੇਰਾਂ,ਬਿੱਲਾ,ਹਰਜਿੰਦਰ ਸਿੰਘ ਸ਼ਾਮਿਲ ਸਨ।

### ਰਾਸ਼ਟਰੀ ਸ.ਫਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ

# ਸ੍ਰੀ ਹਰਦੀਪ ਸਿੰਘ ਗਿੱਲ ਨੇ ਸ਼ੁਕਰਾਨੇ ਵਜੋਂ ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ

**ਜੰਡਿਆਲਾ ਗੁਰੂ 5 ਮਾਰਚ ( ਕੁਲਵੰਤ ਸਿੰਘ ਵਿਰਦੀ )** – ਰਾਸ਼ਟਰੀ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਸ੍ਰੀ ਹਰਦੀਪ ਸਿੰਘ ਗਿੱਲ ਨੇ ਆਪਣਾ ਅਹੁਦਾ ਸੰਭਾਲਣ ਤੋਂ ਬਾਅਦ ਸ਼ੁਕਰਾਨੇ ਵਜੋਂ ਅੱਜ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿਖੇ ਮੱਥਾ ਟੇਕਿਆ। ਇਸ ਮੌਕੇ ਉਨ੍ਹਾਂ ਨਵੀਂ ਮਿਲੀ ਜ਼ਿੰਮੇਵਾਰੀ ਲਈ ਅਕਾਲ ਪੁਰਖ ਦਾ ਸ਼ੁਕਰਾਨਾਂ ਕਰਨ ਦੇ ਨਾਲ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਉਪਰੰਤ ਉਨ੍ਹਾਂ ਵੱਲੋਂ ਸ੍ਰੀ ਵਾਲਮੀਕਿ ਤੀਰਥ (ਸ੍ਰੀ ਰਾਮ ਤੀਰਥ), ਸ੍ਰੀ ਦੁਰਗਿਆਣਾ ਮੰਦਰ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਮੰਦਰ ਵਿਖੇ ਵੀ ਮੱਥਾ ਟੇਕਿਆ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀਆਂ ਵੱਲੋਂ ਰਾਸ਼ਟਰੀ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਸ੍ਰੀ ਹਰਦੀਪ ਸਿੰਘ ਗਿੱਲ ਨੂੰ ਸ੍ਰੀ ਦਰਬਾਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ ਗਿਆ ।ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਦੇ ਬਾਹਰਵਾਰ ਪੱਤਰਕਾਰਾਂ ਨਾਲ ਗੱਲ ਕਰਦਿਆਂ ਰਾਸ਼ਟਰੀ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਸ੍ਰੀ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਉਹ ਆਪਣੀ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਸਫ਼ਾਈ ਕਰਮਚਾਰੀਆਂ ਦੇ ਹੱਕਾਂ ਦਾ ਪੂਰਾ ਖਿਆਲ ਰੱਖਿਆ ਜਾਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਨਿਯਮਾਂ ਅਨੁਸਾਰ ਸਫ਼ਾਈ ਕਰਮਚਾਰੀਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਜੇਕਰ ਸਫ਼ਾਈ ਦੌਰਾਨ ਕਿਸੇ ਸਫ਼ਾਈ ਕਰਮਚਾਰੀ ਨਾਲ ਕੋਈ ਹਾਦਸਾ ਦਰਪੇਸ਼ ਆਉਂਦਾ ਹੈ ਤਾਂ ਕਮਿਸ਼ਨ ਵੱਲੋਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਉਸ ਪੀੜ੍ਹਤ ਨੂੰ ਬਣਦਾ ਮੁਆਵਜਾ ਬਿਨ੍ਹਾ ਕਿਸੇ ਦੇਰੀ ਦੇ ਮਿਲੇ ।ਉਨ੍ਹਾਂ ਕਿਹਾ ਕਿ ਕਮਿਸ਼ਨ ਸਫ਼ਾਈ ਕਰਮਚਾਰੀਆਂ ਦੀਆਂ ਮੁਸ਼ਕਲਾਂ ਨੂੰ ਸੁਣ ਕੇ ਸਬੰਧਿਤ ਵਿਭਾਗਾਂ ਕੋਲੋਂ ਉਨ੍ਹਾਂ ਦਾ ਹੱਲ ਕਰਵਾਏਗਾ ਅਤੇ ਜੇਕਰ ਕਿਸੇ ਵੀ ਸਫ਼ਾਈ ਕਰਮਚਾਰੀ ਨੂੰ ਕੋਈ ਮੁਸ਼ਕਲ ਆਉਂਦੀ ਹੈ ਤਾਂ ਉਹ ਕਮਿਸ਼ਨ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਸ੍ਰੀ ਹਰਦੀਪ ਸਿੰਘ ਗਿੱਲ ਦੇ ਨਾਲ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਮੀਆਂਵਿੰਡ, ਜ਼ਿਲ੍ਹਾ ਪ੍ਰਧਾਨ ਤੇ ਸਾਬਕਾ ਵਿਧਾਇਕ ਅਮਰਪਾਲ ਸਿੰਘ ਬੋਨੀ ਅਜਨਾਲਾ, ਰਵੀਕਰਨ ਸਿੰਘ ਕਾਹਲੋਂ ਸੀਨੀਅਰ ਆਗੂ, ਸਾਬਕਾ ਵਿਧਾਇਕ ਹਰਜਿੰਦਰ ਸਿੰਘ ਠੇਕੇਦਾਰ, ਭਾਜਪਾ ਦੇ ਜ਼ਿਲਾ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਸਰੂਤੀ ਵਿੱਜ, ਸਾਬਕਾ ਪ੍ਰਧਾਨ ਸੁਰੇਸ਼ ਮਹਾਜਨ, ਸੁਸ਼ੀਲ ਦੇਵਗਨ, ਮੁਖਵਿੰਦਰ ਸਿੰਘ ਮਾਹਲ, ਮਾਨਵ ਤਨੇਜਾ, ਹਲਕਾ ਜੰਡਿਆਲਾ ਗੁਰੂ, ਬਾਬਾ ਬਕਾਲਾ, ਮਜੀਠਾ ਤੂੰ ਵੱਡੀ ਗਿਣਤੀ ਵਿੱਚ ਭਾਜਪਾ ਦੇ ਸਮਰਥਕ ਵੀ ਹਾਜ਼ਰ ਸਨ।

## ਕਮਿਸ਼ਨ ਵੱਲੋਂ ਸ.ਫਾਈ ਕਰਮਚਾਰੀਆਂ ਦੇ ਹੱਕਾਂ ਦਾ ਪੂਰਾ ਖਿਆਲ ਰੱਖਿਆ ਜਾਵੇਗਾ - ਹਰਦੀਪ ਸਿੰਘ ਗਿੱਲ



# ਡਾ. ਜਸਵਿੰਦਰ ਕੌਰ ਸੋਹਲ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਨਿਯੁਕਤ ਹੋਣ ਤੇ ਸ਼ਹਿਰ ਵਾਸੀ ਬਾਗੋ-ਬਾਗ : ਰਜਿੰਦਰ ਸਿੰਘ ਮਰਵਾਹਾ



**ਚੌਂਕ ਮਹਿਤਾ, 5 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਦੇ ਸੁਹਿਰਦ, ਕਾਰਜਸ਼ੀਲ ਅਤੇ ਵਫ਼ਾਦਾਰ ਆਗੂ ਬੀਬੀ ਜਸਵਿੰਦਰ ਕੌਰ ਸੋਹਲ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਬੁਲਾਰੇ ਵਜੋਂ ਸੇਵਾਵਾਂ ਦੀ ਜ਼ਿੰਮੇਵਾਰੀ ਸੌਂਪਣ ਤੇ ਅੰਮ੍ਰਿਤਸਰ ਦੇ ਸ਼ਹਿਰੀਆਂ ਵੱਲੋਂ ਪ੍ਰਸੰਨਤਾ ਦਾ ਇਜ਼ਹਾਰ ਕੀਤਾ ਹੈ। ਅੱਜ ਵਪਾਰੀਆਂ, ਕਾਰੋਬਾਰੀਆਂ ਅਤੇ ਉਦਯੋਗਪਤੀਆਂ ਦੇ ਨੁਮਾਇੰਦੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਵਪਾਰ ਅਤੇ ਟਰੇਡ ਵਿੰਗ ਦੇ ਸੂਬਾ ਮੀਤ ਪ੍ਰਧਾਨ ਸ੍ਰ. ਰਜਿੰਦਰ ਸਿੰਘ ਮਰਵਾਹਾ ਦੀ ਰਹਿਨੁਮਾਈ ਹੇਠ ਨਾਮੀਂ ਹੋਟਲ ਰਿਟਜ਼ ਵਿੱਚ ਪਾਰਟੀ ਆਗੂਆਂ, ਵਪਾਰੀਆਂ ਅਤੇ ਕਾਰੋਬਾਰੀਆਂ ਨੇ ਫੁਲਾਂ ਦੇ ਗੁਲਦਸਤੇ ਭੇਟ ਕਰਕੇ ਬੀਬੀ ਜਸਵਿੰਦਰ ਕੌਰ ਸੋਹਲ ਦਾ ਇਸਤਕਬਾਲ ਕੀਤਾ ਅਤੇ ਸ੍ਰ. ਸੁਖਬੀਰ ਸਿੰਘ ਬਾਦਲ ਅਤੇ ਸ੍ਰ. ਬਿਕਰਮ ਸਿੰਘ ਮਜੀਠੀਆ ਦਾ ਹਾਰਦਿਕ ਧੰਨਵਾਦ ਕੀਤਾ ਜਿਨ੍ਹਾਂ ਨੇ ਪਾਰਟੀ ਨੂੰ ਬੁਲੰਦੀਆਂ ਤੇ ਪਹੁੰਚਾਉਣ ਲਈ ਦਿਨ ਰਾਤ ਇੱਕ ਕੀਤਾ ਹੋਇਆ ਹੈ। ਰਜਿੰਦਰ ਸਿੰਘ ਮਰਵਾਹਾ ਅਤੇ ਅੰਮ੍ਰਿਤਸਰ ਕੇਂਦਰੀ ਦੇ ਹਲਕਾ ਇੰਚਾਰਜ ਸ੍ਰੀ ਨਰਿੰਦਰ ਬਹਿਲ ਨੇ ਕਿਹਾ ਕਿ ਟੈਲੀਵਿਜ਼ਨ ਦੇ ਕੌਮੀ ਚੈਨਲਾਂ ਉਤੇ ਹੋਰ ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਪਲੇਟਫਾਰਮਾਂ ਉਤੇ ਸ੍ਰੋਮਣੀ ਅਕਾਲੀ ਦਲ ਦੀਆਂ ਪ੍ਰਾਪਤੀਆਂ ਅਤੇ ਪਾਰਟੀ ਦਾ ਭਵਿੱਖੀ ਨਜ਼ਰੀਆ,ਜਿਸ ਬੇਬਾਕੀ ਨਾਲ ਬੀਬੀ ਸੋਹਲ ਪੇਸ਼ ਕਰਦੇ ਹਨ, ਬਾਕਮਾਲ ਅਤੇ ਸਪੱਸ਼ਟ ਹੁੰਦਾ ਹੈ। ਜਤਿੰਦਰ ਪਾਲ ਸਿੰਘ ਬੌਬੀ ਬਾਦਸ਼ਾਹ, ਮਨਦੀਪ ਸਿੰਘ ਅਤੇ ਚਰਨਜੀਤ ਸਿੰਘ ਪੂਜੀ ਨੇ ਆਸ ਪ੍ਰਗਟਾਈ ਕਿ ਬੀਬੀ ਸੋਹਲ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਪਾਰਟੀ ਦੀ ਸੇਵਾ ਵਿੱਚ ਸਮਰਪਿਤ ਰਹਿਣਗੇ। ਬੀਬੀ ਸੋਹਲ ਨੂੰ ਮੁਬਾਰਕਬਾਦ ਪੇਸ਼ ਕਰਨ ਅਤੇ ਉਨ੍ਹਾਂ ਦਾ ਸਟੀਕ ਸਾਥ ਦੇਣ ਵਾਲਿਆਂ ਵਿੱਚ ਐਡਵੋਕੇਟ ਪਰਮਜੀਤ ਸਿੰਘ ਤੇਗ., ਮਨਦੀਪ ਸਿੰਘ, ਹਰਪਾਲ ਸਿੰਘ ਆਹਲੂਵਾਲੀਆ, ਸੁਖਵਿੰਦਰ ਸਿੰਘ ਕੋਹਲੀ,ਸੀ.ਏ. ਅਮਰਜੀਤ ਸਿੰਘ ਨਾਰੰਗ, ਡਾਕਟਰ ਅਮਰਜੀਤ ਸਿੰਘ ਸਚਦੇਵਾ, ਜਗਦੀਸ਼ ਸਿੰਘ ਵਡਾਲਾ, ਹਰਪ੍ਰੀਤ ਸਿੰਘ ਭਾਟੀਆ ਅਤੇ ਹੋਰ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਸ਼ਾਮਲ ਹੋਏ।

# ਸ੍ਰੋਮਣੀ ਕਮੇਟੀ ਦੀ ਹੋ ਰਹੀ ਮੀਟਿੰਗ ਚ ਮਤਾ ਪਾਸ ਕਰਕੇ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਵਾਧਾ ਲਗਾਇਆ ਜਾਵੇ-ਰਣਜੀਤ ਸਿੰਘ ਭੋਮਾ

**ਜੰਡਿਆਲਾ ਗੁਰੂ, 5 ਮਾਰਚ ( ਕੁਲਵੰਤ ਸਿੰਘ ਵਿਰਦੀ )**-ਸ੍ਰੋਮਣੀ ਕਮੇਟੀ ਦੇ ਗੁਰੂ ਘਰਾਂ ਦੇ ਪ੍ਰਬੰਧਾ ਵਿੱਚ ਕਰੋੜਾਂ ਰੁਪਏ ਦੀਆਂ ਜਾਇਦਾਦਾਂ ਪ੍ਰਧਾਨ ਧਾਮੀ ਦੀ ਅਗਵਾਈ ਵਿੱਚ ਖਰੀਦ ਕਰਨਾ ਤੇ ਗੁਰੂ ਘਰਾਂ ਦੇ ਪ੍ਰਬੰਧ ਵਿੱਚ ਆਮਦਨ ਵਿੱਚ ਵਾਧਾ ਸਲਾਘਾਯੋਗ ਸ੍ਰੋਮਣੀ ਕਮੇਟੀ ਦੀ ਹੋ ਰਹੀ ਮੀਟਿੰਗ ਚ ਮਤਾ ਪਾਸ ਕਰਕੇ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਵਾਧਾ ਲਗਾਇਆ ਜਾਵੇ ਇਨਾਂ ਗੱਲਾਂ ਦਾ ਰਣਜੀਤ ਸਿੰ ਕਰਦਿਆ ਹੋਇਆ ਰਣਜੀਤ ਸਿੰਘ ਭੋਮਾ ਸਮਾਜ ਸੁਧਾਰ ਸੰਸਥਾ ਪੰਜਾਬ ਤੇ ਬਲਦੇਵ ਸਿੰਘ ਅੰਮ੍ਰਿਤਸਰ ਨੇ ਅਗੇ ਕਿਹਾ ਕਿ ਸ੍ਰੋਮਣੀ ਕਮੇਟੀ ਦੇ ਪ੍ਰਬੰਧ ਵਿੱਚ ਪਿਛਲੇ ਸਮੇਂ ਤੋਂ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਸ੍ਰੋਮਣੀ ਕਮੇਟੀ ਦੇ ਪ੍ਰਬੰਧ ਵਿੱਚ ਗੁਰੂ ਘਰਾਂ ਦੇ ਲਈ ਕਰੋੜਾਂ ਰੁਪਏ ਦੀਆਂ ਜਾਇਦਾਦਾਂ ਵੱਖ ਵੱਖ ਮੈਨੇਜਰ ਸਾਹਿਬਾਨਾਂ ਦੇ ਸਹਿਯੋਗ ਨਾਲ ਖਰੀਦ ਕਰਕੇ ਗੁਰੂ ਘਰਾਂ ਦੀ ਮਾਲਕੀ ਬਣਾਈ ਹੈ ਤੇ ਸ੍ਰੋਮਣੀ ਕਮੇਟੀ ਦੇ ਕਰਮਚਾਰੀਆਂ ਦੇ ਸਹਿਯੋਗ ਨਾਲ ਗੁਰੂ ਘਰਾਂ ਦੇ ਪਬੰਧਾ ਦੀ ਆਮਦਨ ਵਿੱਚ ਲੱਖਾਂ ਰੁਪਏ ਤੇ ਕਰੋੜਾਂ ਰੁਪਏ ਦਾ ਵਾਧਾ ਆਮਦਨ ਵਿੱਚ ਕੀਤਾ ਹੈ ਜੋ ਸਲਾਘਾਯੋਗ ਹੈ ਪ੍ਰਧਾਨ ਭੋਮਾ ਨੇ ਜੋਰਦਾਰ ਮੰਗ ਕਰਦਿਆਂ ਕਿਹਾ ਕਿ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੀ੍ ਅੰਮ੍ਰਿਤਸਰ ਦੇ ਪ੍ਰਬੰਧ ਵਿੱਚ ਸਚਖੰਡ ਸੀ੍ ਦਰਬਾਰ ਸਾਹਿਬ ਜੀ ਤੇ ਸ੍ਰੋਮਣੀ ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਤੇ ਸਕੂਲਾਂ ਕਾਲਜਾਂ ਤੇ ਹਸਪਤਾਲਾਂ ਵਿੱਚ ਹਜਾਰਾਂ ਕਰਮਚਾਰੀ ਡਿਊਟੀ ਨਿਭਾਉਣ ਵਾਲੇ ਨੂੰ ਪਿਛਲੇ ਸਮੇਂ ਤੋਂ ਤਨਖਾਹਾਂ ਵਿੱਚ ਵਾਧਾ ਨਾ ਮਾਤਰ ਲੱਗਾ ਜਦ ਹਜਾਰਾਂ ਕਰਮਚਾਰੀ ਨੇ ਡਿਊਟੀ ਵੱਖ ਵੱਖ ਗੁਰੂ ਸਾਹਿਬਾਨਾਂ ਦੇ ਪ੍ਰਕਾਸ ਗੁਰਪੁਰਬ ਤੇ ਸ਼ਹੀਦੀ ਦਿਹਾੜੇ ਸਤਾਬਦੀ ਵੱਡੇ ਸਮਾਗਮਾਂ ਨੂੰ ਮਨਾਉਣ ਸੰਬੰਧੀ ਤੇ ਪੰਜਾਬ ਦੇ ਵੱਖ ਵੱਖ ਜਿਲਿਆਂ ਤੇ ਭਾਰਤ ਦੇ ਵੱਖ ਵੱਖ ਸਟੇਟਾਂ ਵਿੱਚ ਦਿਨ ਰਾਤ ਇੱਕ ਕਰਕੇ ਸ੍ਰੋਮਣੀ ਕਮੇਟੀ ਦੇ ਅਦੇਸ਼ਾਂ ਦਾ ਪਾਲਣ ਕਰਕੇ ਡਿਊਟੀ ਨਿਭਾ ਕੇ ਸੰਸਥਾ ਸ੍ਰੋਮਣੀ ਕਮੇਟੀ ਦਾ ਨਾਮ ਰੋਸਨ ਕੀਤਾ ਤੇ ਜਦ ਕਿ ਸ੍ਰੋਮਣੀ ਕਮੇਟੀ ਹਰਿਆਣਾ ਦਾ ਬਜਟ ਬਹੁਤ ਘੱਟ ਹੈ ਤੇ ਹਰਿਆਣਾ ਕਮੇਟੀ ਨੇ ਆਪਣੇ ਕਰਮਚਾਰੀਆਂ ਨੂੰ 14 ਫੀਸਦੀ ਵਾਧਾ ਲਗਾਇਆ ਗਿਆ ਹੈ ਜੋ ਬਹੁਤ ਸਲਾਘਾਯੋਗ ਹੈ ਸੋਮਣੀ ਕਮੇਟੀ ਅੰਮ੍ਰਿਤਸਰ ਸਾਲ ਦਾ ਬਜਟ ਅਰਬਾ ਖਰਬਾਂ ਦਾ ਹੈ ਤੇ ਹਰਿਆਣਾ ਕਮੇਟੀ ਨਾਲੋਂ ਕਈ ਗੁਣਾਂ ਵੱਧ ਹੈ ਸ੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ 6 ਮਾਰਚ ਨੂੰ ਹੋ ਰਹੀ ਅੰਤ੍ਰਿਗ ਕਮੇਟੀ ਵੱਖ ਵੱਖ ਮੁਦਿਆਂ ਤੇ ਮੀਟਿੰਗ ਵਿੱਚ ਸ੍ਰੋਮਣੀ ਕਮੇਟੀ ਦੇ ਕਰਮਚਾਰੀਆਂ ਦੀਆਂ ਤਨਖਾਹਾਂ ਜੋ ਪਿਛਲੇ ਸਮੇਂ ਤੋਂ ਬਕਾਇਆ ਵਾਧਾ 28 ਫੀਸਦੀ ਨਹੀਂ ਲੱਗਾ ਉਸ ਨੂੰ ਮਤਾ ਪਾਸ ਕਰਕੇ ਤਨਖਾਹਾਂ ਵਿੱਚ ਵਾਧਾ 28 ਫੀਸਦੀ ਵਾਧਾ ਲਾਇਆ ਜਾਵੇ ਤੇ ਕਰਮਚਾਰੀਆ ਦੀਆਂ ਮੈਡੀਕਲ ਪਾਲਿਸੀ ਦੀ ਰਕਮ ਨੂੰ ਘੱਟ ਕੀਤਾ ਜਾਵੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਮੁੱਖ ਸਕੱਤਰ ਸ ਕੁਲਵੰਤ ਸਿੰਘ ਮੰਨਣ ਬਹੁਤ ਇਮਾਨਦਾਰ ਤੇ ਵਧੀਆ ਪ੍ਰਬੰਧਕ ਹਨ ਪਰ ਕੁਝ 2 ਫੀਸਦੀ ਦਫਤਰ ਅਧਿਕਾਰੀ ਪ੍ਰਬੰਧ ਨੂੰ ਦਾਗ ਲਗਾਕੇ ਸੰਸਥਾ ਦੇ ਨਾਮ ਨੂੰ ਦਾਗ ਲਾਇਆ ਹੈ ਉਨ੍ਹਾਂ ਅਧਿਕਾਰੀ ਤੇ ਮੁਲਾਜਮਾਂ ਨੂੰ ਡਿਮੋਟ ਕਰਕੇ ਸੇਵਾਦਾਰ ਲਗਾਇਆ ਜਾਵੇ ਤੇ ਸ੍ਰੋਮਣੀ ਕਮੇਟੀ ਵਿੱਚ 98 ਫੀਸਦੀ ਇਮਾਨਦਾਰ ਕਰਮਚਾਰੀਆਂ ਵਿੱਚੋਂ ਵੱਖ ਵੱਖ ਦਫਤਰਾਂ ਚ ਫਲਾਇੰਗ ਵਿਭਾਗ ਸਕੱਤਰ ਤੇ ਇਨਾਰਜ ਤੇ ਮੈਨੇਜਰ ਅਕਾਊਂਟੈਂਟ ਖਜਾਨਚੀ ਤੇ ਹੋਰ ਜਿੰਮੇਵਾਰ ਪੋਸਟਾਂ ਤੇ ਭ੍ਰਿਸਟਾਚਾਰ ਤੋ ਰਹਿਤ ਹੋਣ ਵਾਲਿਆਂ ਲਗਾਇਆ ਜਾਵੇ ਤੇ ਵੱਖ ਵੱਖ ਦਫਤਰਾਂ ਵਿੱਚ ਕਰਮਚਾਰੀ ਨੂੰ ਹਰੇਕ ਸਾਲ ਬਣਦੀ ਤਰੱਕੀਆਂ ਲਗਾਈਆ ਜਾਣ ਪ੍ਰਧਾਨ ਧਾਮੀ ਵੱਲੋਂ ਗੁਰੂ ਘਰਾਂ ਦੇ ਪ੍ਰਬੰਧ ਵਿੱਚ ਕਰਮਚਾਰੀਆਂ ਦੀਆਂ ਵਰਦੀਆਂ ਡਰੈਸ ਕੋਡ ਲਾਜਮੀ ਦਾ ਸਵਾਗਤ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੰਬੈਸਡਰ ਫਾਰ ਪੀਸ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਦੇ ਧਾਰਮਿਕ ਦੀਵਾਨ ਮੌਕੇ

# ਵੱਡੀ ਗਿਣਤੀ 'ਚ ਸੰਗਤਾਂ ਨੇ ਅਨੰਦ ਮਾਣਿਆ

## ਦੀਵਾਨ ਸੁਣਕੇ 105 ਪਰਾਣੀਆਂ ਨੇ ਛਕਿਆ ਅੰਮ੍ਰਿਤ













ਅੰਬੈਸਡਰ ਫਾਰ ਪੀਸ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਦੇ ਧਾਰਮਿਕ ਦੀਵਾਨ ਕਾਰ ਸੇਵਾ ਸੰਪਰਦਾਇ ਸਰਹਾਲੀ ਸਾਹਿਬ ਵਾਲੇ ਸੰਤ ਬਾਬਾ ਹਾਕਮ ਸਿੰਘ ਜੀ ਸੰਤ ਬਾਬਾ ਸੁੱਖਾ ਸਿੰਘ ਜੀ ਦੇ ਉਪਰਾਲੇ ਸਦਕਾ ਮਹਾਨ "ਹੋਲਾ ਮਹੱਲਾ ਸਮਾਗਮ" ਗੁਰਦੁਆਰਾ ਭਾਈ ਬਾਲਾ ਜੀ ਬੰਗਲਾ ਪੰਡੋਰਾ ਸ਼ਿਵਪੁਰੀ ਨੇੜੇ ਗਵਾਲੀਅਰ ਮੱਧ ਪ੍ਰਦੇਸ਼ ਵਿਖੇ 4 ਮਾਰਚ 2026 ਦਿਨ ਦੇ ਦੀਵਾਨ ਦੀਆਂ ਯਾਦਗਾਰੀ ਤਸਵੀਰਾਂ ਦੀਵਾਨ ਸੁਣਕੇ 105 ਪਰਾਣੀਆਂ ਨੇ ਛਕਿਆ ਅੰਮ੍ਰਿਤ।



ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੰਬੈਸਡਰ ਫਾਰ ਪੀਸ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਦੇ ਧਾਰਮਿਕ ਦੀਵਾਨ ਮੌਕੇ

# ਵੱਡੀ ਗਿਣਤੀ 'ਚ ਸੰਗਤਾਂ ਨੇ ਅਨੰਦ ਮਾਣਿਆ

## ਦੀਵਾਨ ਸੁਣਕੇ 105 ਪਰਾਣੀਆਂ ਨੇ ਛਕਿਆ ਅੰਮ੍ਰਿਤ












ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243